Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 34 Chief Editor : Chowdhary Prabhjit Singh, Editor : Chhatarpal Singh 98146-32807, Friday 17 July 2026 Price : 2 Rs. Page : 6

## ਪੰਜਾਬ ਦੇ ਸਾਢੇ 5 ਲੱਖ ਪਰਿਵਾਰਾਂ ਲਈ ਵੱਡੀ ਰਾਹਤ: ਮੁੱਖ ਮੰਤਰੀ ਵੱਲੋਂ 2800 ਨਵੇਂ ਡਿਪੂਆਂ ਦੀ ਸ਼ੁਰੂਆਤ

**ਚੰਡੀਗੜ੍ਹ, 16 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਮੁਹਾਲੀ ਦੇ ਫੇਜ਼-8 ਸਥਿਤ ਵਿਕਾਸ ਭਵਨ ਵਿਖੇ ਕਰਵਾਏ ਇੱਕ ਸਮਾਰੋਹ ਦੌਰਾਨ 2800 ਨਵੇਂ ਡਿਪੂ ਹੋਲਡਰਾਂ ਨੂੰ ਨਿਯੁਕਤੀ ਅਤੇ ਅਲਾਟਮੈਂਟ ਪੱਤਰ ਸੌਂਪੇ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਇਹ ਲਾਇਸੰਸ ਪੂਰੀ ਕਾਨੂੰਨੀ ਪ੍ਰਕਿਰਿਆ ਤਹਿਤ ਦਿੱਤੇ ਗਏ ਹਨ। ਇਨ੍ਹਾਂ ਨਵੇਂ ਡਿਪੂਆਂ ਦੇ ਖੁੱਲ੍ਹਣ ਨਾਲ ਪੰਜਾਬ ਦੇ ਲਗਪਗ ਸਾਢੇ ਪੰਜ ਲੱਖ ਪਰਿਵਾਰਾਂ ਨੂੰ 'ਮੇਰੀ ਰਸੋਈ ਕਿੱਟ' ਅਤੇ ਹੋਰ ਰਾਸ਼ਨ ਉਨ੍ਹਾਂ ਦੇ ਘਰਾਂ ਦੇ ਬਿਲਕੁਲ ਨੇੜੇ ਆਸਾਨੀ ਨਾਲ ਮਿਲ ਸਕੇਗਾ। ਉਨ੍ਹਾਂ ਨੇ ਨਵੇਂ ਚੁਣੇ ਗਏ ਡਿਪੂ ਹੋਲਡਰਾਂ ਨੂੰ ਆਪਣੀ ਡਿਊਟੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਦੀ ਅਪੀਲ ਕੀਤੀ।




ਆਪਣੇ ਭਾਸ਼ਣ ਦੌਰਾਨ ਮੁੱਖ ਮੰਤਰੀ ਨੇ ਕਾਂਗਰਸ, ਅਕਾਲੀ ਦਲ ਅਤੇ ਭਾਜਪਾ 'ਤੇ ਤਿੱਖੇ ਨਿਸ਼ਾਨੇ ਸੇਧੇ। ਉਨ੍ਹਾਂ ਕਿਹਾ ਕਿ ਕਾਂਗਰਸੀ ਕਦੇ ਵੀ ਪੰਜਾਬ ਦੇ ਹਿੱਤਾਂ ਦੀ ਲੜਾਈ ਨਹੀਂ ਲੜਦੇ, ਸਗੋਂ ਸਿਰਫ਼ ਆਪਣੀ ਕੁਰਸੀ ਬਚਾਉਣ ਵਿੱਚ ਲੱਗੇ ਹੋਏ ਹਨ। ਮਾਨ ਨੇ ਦੋਸ਼ ਲਾਇਆ ਕਿ ਇਹ ਤਿੰਨੋਂ ਪਾਰਟੀਆਂ ਅੰਦਰਖਾਤੇ ਇਕੱਠੀਆਂ ਹਨ ਅਤੇ ਇਨ੍ਹਾਂ ਦਾ ਇੱਕੋ-ਇੱਕ ਮਕਸਦ ਭਗਵੰਤ ਮਾਨ ਦਾ ਵਿਰੋਧ ਕਰਨਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਉਨ੍ਹਾਂ ਦੇ ਨਾਲ ਹਨ, ਇਸ ਲਈ ਉਨ੍ਹਾਂ ਨੂੰ ਵਿਰੋਧੀਆਂ ਦੀ ਪਰਵਾਹ ਨਹੀਂ ਹੈ।

ਮੁੱਖ ਮੰਤਰੀ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਜੇਕਰ ਭਵਿੱਖ ਵਿੱਚ ਵਿਰੋਧੀ ਪਾਰਟੀਆਂ ਦੀ ਸਰਕਾਰ ਬਣਦੀ ਹੈ, ਤਾਂ ਉਹ ਮੌਜੂਦਾ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਲੋਕ ਭਲਾਈ ਸਕੀਮਾਂ ਨੂੰ ਬੰਦ ਕਰ ਦੇਣਗੇ। ਖ਼ਾਸ ਕਰਕੇ ਔਰਤਾਂ ਨੂੰ ਮਿਲਣ ਵਾਲੀ 1000 ਅਤੇ 1500 ਰੁਪਏ ਦੀ ਵਿੱਤੀ ਸਹਾਇਤਾ ਬੰਦ ਹੋਣ ਦਾ ਖਦਸ਼ਾ ਹੈ। ਉਨ੍ਹਾਂ ਨੇ ਅਕਾਲੀ ਆਗੂ ਸੁਖਬੀਰ ਸਿੰਘ ਬਾਦਲ ਅਤੇ ਬਿਕਰਮ ਸਿੰਘ ਮਜੀਠੀਆ 'ਤੇ ਵੀ ਪੰਜਾਬ ਨੂੰ ਲੁੱਟਣ ਦੇ ਗੰਭੀਰ ਦੋਸ਼ ਲਾਏ।

ਮੁੱਖ ਮੰਤਰੀ ਨੇ ਸ਼੍ਰੋਮਣੀ ਕਮੇਟੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਜਦੋਂ ਸੁਖਬੀਰ ਬਾਦਲ ਨੇ ਬਹਿਬਲ ਕਲਾਂ ਗੋਲੀ ਕਾਂਡ ਅਤੇ ਹੋਰ ਮਾਮਲਿਆਂ ਲਈ ਅਕਾਲ ਤਖ਼ਤ ਸਾਹਿਬ 'ਤੇ ਜਾ ਕੇ ਆਪਣੀ ਗਲਤੀ ਕਬੂਲ ਕੀਤੀ ਸੀ, ਉਦੋਂ ਉਨ੍ਹਾਂ ਖ਼ਿਲਾਫ਼ ਗੁਰਦੁਆਰਿਆਂ ਦੇ ਬਾਹਰ ਪੋਸਟਰ ਕਿਉਂ ਨਹੀਂ ਲਗਾਏ ਗਏ? ਉਨ੍ਹਾਂ ਕਿਹਾ ਕਿ ਅੱਜ ਸਰਕਾਰ ਖ਼ਿਲਾਫ਼ ਪੋਸਟਰ ਲਗਾਉਣ ਵਾਲੇ ਆਗੂ ਵੀ ਪਹਿਲਾਂ ਆਪਣੀਆਂ ਪਤਨੀਆਂ, ਮਾਵਾਂ ਅਤੇ ਧੀਆਂ ਦੇ 'ਸਤਿਕਾਰ ਯੋਜਨਾ' ਤਹਿਤ ਫ਼ਾਰਮ ਭਰ ਕੇ ਲਾਹਾ ਲੈਂਦੇ ਹਨ।

ਭਗਵੰਤ ਮਾਨ ਨੇ ਆਪਣੀ ਸਰਕਾਰ ਦੇ ਪਿਛਲੇ ਸਾਢੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਸਿੱਖਿਆ, ਸਿਹਤ, ਮੁਫ਼ਤ ਬਿਜਲੀ ਅਤੇ ਨਹਿਰੀ ਪਾਣੀ ਦੇ ਖੇਤਰ ਵਿੱਚ ਕੀਤੀਆਂ ਵੱਡੀਆਂ ਪ੍ਰਾਪਤੀਆਂ ਦਾ ਵੇਰਵਾ ਵੀ ਸਾਂਝਾ ਕੀਤਾ।

ਇਸ ਸਮਾਰੋਹ ਵਿੱਚ ਖ਼ੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ, ਵਿਭਾਗ ਦੇ ਸਕੱਤਰ ਰਾਹੁਲ ਤਿਵਾੜੀ, ਵਰਿੰਦਰ ਸ਼ਰਮਾ, ਮੁਹਾਲੀ ਦੀ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਅਤੇ ਵਿਧਾਇਕ ਬੁੱਧਰਾਮ ਸਮੇਤ ਕਈ ਹੋਰ ਉੱਚ ਅਧਿਕਾਰੀ ਵੀ ਹਾਜ਼ਰ ਸਨ।

## ਸੁਪਰੀਮ ਕੋਰਟ ਵੱਲੋਂ ਬਜ਼ੁਰਗ ਅਤੇ ਗੰਭੀਰ ਬਿਮਾਰ ਕੈਦੀਆਂ ਦੀ ਸਮੇਂ ਤੋਂ ਪਹਿਲਾਂ ਰਿਹਾਈ ਲਈ ਨੀਤੀ ਬਣਾਉਣ ਦੇ ਨਿਰਦੇਸ਼

**ਨਵੀਂ ਦਿੱਲੀ, 16 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੁਪਰੀਮ ਕੋਰਟ ਨੇ ਵੀਰਵਾਰ ਨੂੰ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਤਿੰਨ ਮਹੀਨਿਆਂ ਦੇ ਅੰਦਰ ਅਜਿਹੇ ਕੈਦੀਆਂ ਦੀ ਸਮੇਂ ਤੋਂ ਪਹਿਲਾਂ ਰਿਹਾਈ ਲਈ ਨੀਤੀ ਤਿਆਰ ਕਰਨ ਜੋ ਉੱਨਤ ਉਮਰ ਦੇ ਹਨ ਜਾਂ ਗੰਭੀਰ ਰੂਪ ਨਾਲ ਬਿਮਾਰ ਹਨ।

ਜਸਟਿਸ ਵਿਕਰਮ ਨਾਥ ਅਤੇ ਜਸਟਿਸ ਸੰਦੀਪ ਮਹਿਤਾ ਦੇ ਬੈਂਚ ਨੇ ਕਿਹਾ ਕਿ ਨੀਤੀ ਵਿੱਚ ਰਿਹਾਈ ਦੇ ਵਿਚਾਰ ਲਈ ਯੋਗਤਾ ਦੇ ਮਾਪਦੰਡ ਅਤੇ ਪ੍ਰਕਿਰਿਆਤਮਕ ਢਾਂਚੇ ਨੂੰ ਸਪੱਸ਼ਟ ਤੌਰ 'ਤੇ ਪਰਿਭਾਸ਼ਿਤ ਕੀਤਾ ਜਾਣਾ ਚਾਹੀਦਾ ਹੈ ਅਤੇ ਖਾਸ ਤੌਰ 'ਤੇ, ਇਸ ਵਿੱਚ ਗੰਭੀਰ ਬਿਮਾਰੀ ਦੀ ਇੱਕ ਸਪੱਸ਼ਟ ਬੈਂਚ ਨੇ ਇਹ ਫੈਸਲਾ ਨੈਸ਼ਨਲ ਲੀਗਲ ਸਰਵਿਸਿਜ਼ ਅਥਾਰਟੀ ਵੱਲੋਂ ਦਾਇਰ ਕੀਤੀ ਗਈ ਇੱਕ ਪਟੀਸ਼ਨ 'ਤੇ ਸੁਣਾਇਆ ਹੈ, ਜਿਸ ਵਿੱਚ ਉਨ੍ਹਾਂ ਕੈਦੀਆਂ ਨੂੰ ਜ਼ਮਾਨਤ 'ਤੇ ਰਿਹਾਅ ਕਰਨ ਦੀ ਮੰਗ ਕੀਤੀ ਗਈ ਸੀ ਜੋ ਗੰਭੀਰ ਰੂਪ ਵਿਚ ਬਿਮਾਰ ਹਨ ਜਾਂ 70 ਸਾਲ ਤੋਂ ਵੱਧ ਉਮਰ ਦੇ ਹਨ।

ਜਸਟਿਸ ਮਹਿਤਾ ਨੇ ਫੈਸਲਾ ਸੁਣਾਉਂਦੇ ਹੋਏ ਕਿਹਾ, ਸਾਰੇ ਰਾਜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਇਸ ਫੈਸਲੇ ਦੀ ਮਿਤੀ ਤੋਂ ਤਿੰਨ ਮਹੀਨਿਆਂ ਦੇ ਅੰਦਰ ਅਜਿਹੇ ਕੈਦੀਆਂ ਦੀ ਸਮੇਂ ਤੋਂ ਪਹਿਲਾਂ ਰਿਹਾਈ ਲਈ ਇੱਕ ਵਿਆਪਕ ਨੀਤੀ ਤਿਆਰ ਕਰਨਗੇ ਅਤੇ ਸੂਚਿਤ ਕਰਨਗੇ ਜੋ ਉੱਨਤ ਉਮਰ ਦੇ ਹਨ ਅਤੇ/ਜਾਂ ਗੰਭੀਰ ਰੂਪ ਨਾਲ ਬਿਮਾਰ ਹਨ।



ਬੈਂਚ ਨੇ ਕਿਹਾ ਕਿ ਨੀਤੀ ਨੂੰ ਸਬੰਧਤ ਰਾਜ ਕਾਨੂੰਨੀ ਸੇਵਾਵਾਂ ਅਥਾਰਟੀਆਂ ਨਾਲ ਸਲਾਹ-ਮਸ਼ਵਰਾ ਕਰਕੇ ਤਿਆਰ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਸੰਸਥਾਗਤ ਤਾਲਮੇਲ ਅਤੇ ਯੋਗ ਕੈਦੀਆਂ ਦੀ ਪ੍ਰਭਾਵਸ਼ਾਲੀ ਪਛਾਣ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਨੇ ਕਿਹਾ ਕਿ ਨੀਤੀ ਵਿੱਚ ਸਮੇਂ-ਸੀਮਤ, ਪਾਰਦਰਸ਼ੀ ਅਤੇ ਪਹੁੰਚਯੋਗ ਪ੍ਰਕਿਰਿਆ ਨਿਰਧਾਰਤ ਕੀਤੀ ਜਾਣੀ ਚਾਹੀਦੀ ਹੈ, ਜਿਸ ਵਿੱਚ ਸਮੇਂ ਤੋਂ ਪਹਿਲਾਂ ਜਾਂ ਹਮਦਰਦੀ ਨਾਲ ਰਿਹਾਈ ਦੀ ਮੰਗ ਕਰਨ ਵਾਲੀਆਂ ਅਰਜ਼ੀਆਂ ਨੂੰ ਜਮ੍ਹਾਂ ਕਰਨ, ਜਾਂਚ ਕਰਨ ਅਤੇ ਨਿਪਟਾਉਣ ਦੀ ਵਿਵਸਥਾ ਹੋਵੇ।

ਬੈਂਚ ਨੇ ਕੇਂਦਰ ਨੂੰ ਕਿਹਾ ਕਿ ਉਹ ਅਦਾਲਤ ਦੇ ਨਿਰਦੇਸ਼ਾਂ ਦੀ ਪ੍ਰਭਾਵਸ਼ਾਲੀ ਪਾਲਣਾ ਦੀ ਸਹੂਲਤ ਲਈ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਲੋੜੀਂਦੀ ਤਕਨੀਕੀ ਸਹਾਇਤਾ, ਡਿਜੀਟਲ ਬੁਨਿਆਦੀ ਢਾਂਚਾ ਅਤੇ ਸਮਰੱਥਾ-ਨਿਰਮਾਣ ਸਹਾਇਤਾ ਪ੍ਰਦਾਨ ਕਰੇ। ਸੁਪਰੀਮ ਕੋਰਟ ਨੇ ਕੇਂਦਰ, ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਛੇ ਮਹੀਨਿਆਂ ਦੇ ਅੰਦਰ ਪਾਲਣਾ ਦੀ ਸਥਿਤੀ ਨੂੰ ਦਰਸਾਉਂਦੇ ਹੋਏ ਪਾਲਣਾ ਹਲਫ਼ਨਾਮੇ ਦਾਇਰ ਕਰਨ ਦਾ ਨਿਰਦੇਸ਼ ਦਿੱਤਾ ਹੈ। ਵਿਸਤ੍ਰਿਤ ਫੈਸਲੇ ਦੀ ਉਡੀਕ ਹੈ।

ਪਿਛਲੇ ਸਾਲ ਮਈ ਵਿੱਚ, ਸੁਪਰੀਮ ਕੋਰਟ ਦੀ ਪਟੀਸ਼ਨ 'ਤੇ ਸੁਣਵਾਈ ਕਰਨ ਲਈ ਸਹਿਮਤ ਹੋ ਗਈ ਸੀ ਅਤੇ ਕੇਂਦਰ ਅਤੇ ਹੋਰਾਂ ਤੋਂ ਜਵਾਬ ਮੰਗੇ ਸਨ। ਪਟੀਸ਼ਨ ਵਿੱਚ ਸੁਪਰੀਮ ਕੋਰਟ ਨੂੰ ਅਪੀਲ ਕੀਤੀ ਗਈ ਸੀ ਕਿ ਉਹ 70 ਸਾਲ ਤੋਂ ਵੱਧ ਉਮਰ ਦੇ ਕੈਦੀਆਂ ਅਤੇ ਗੰਭੀਰ ਬਿਮਾਰੀਆਂ ਤੋਂ ਪੀੜਤ ਕੈਦੀਆਂ ਦੀ ਰਿਹਾਈ ਦੀ ਸਹੂਲਤ ਲਈ ਨਿਰਦੇਸ਼ ਜਾਰੀ ਕਰੇ। ਇਸ ਵਿੱਚ ਕਿਹਾ ਗਿਆ ਹੈ ਕਿ ਗੰਭੀਰ ਰੂਪ ਨਾਲ ਬਿਮਾਰ ਕੈਦੀਆਂ ਅਤੇ ਉੱਨਤ ਉਮਰ ਦੇ ਲੋਕਾਂ ਨੂੰ ਵਿਸ਼ੇਸ਼ ਦੇਖਭਾਲ ਅਤੇ ਵਿਅਕਤੀਗਤ ਧਿਆਨ ਦੀ ਲੋੜ ਹੁੰਦੀ ਹੈ ਅਤੇ ਜੇਲ੍ਹਾਂ ਵਿੱਚ ਭੀੜ ਨੂੰ ਦੇਖਦੇ ਹੋਏ ਜੇਲ੍ਹ ਅਧਿਕਾਰੀਆਂ ਲਈ ਇਹ ਪ੍ਰਦਾਨ ਕਰਨਾ ਸੰਭਵ ਨਹੀਂ ਹੋ ਸਕਦਾ ਹੈ।

NALSA ਨੇ ਕਿਹਾ ਸੀ ਕਿ 31 ਦਸੰਬਰ 2022 ਤੱਕ, ਭਾਰਤ ਦੀ ਜੇਲ੍ਹ ਵਿੱਚ ਰਹਿਣ ਦੀ ਦਰ 131 ਫੀਸਦੀ ਸੀ, ਜਿਸ ਨੇ ਬੁਨਿਆਦੀ ਢਾਂਚੇ 'ਤੇ ਗੰਭੀਰ ਦਬਾਅ ਪਾਇਆ ਅਤੇ ਜੇਲ੍ਹਾਂ ਦੇ ਅੰਦਰ ਡਾਕਟਰੀ ਦੇਖਭਾਲ ਅਤੇ ਸਨਮਾਨਜਨਕ ਜੀਵਨ ਸਥਿਤੀਆਂ ਦੀ ਗੁਣਵੱਤਾ ਨੂੰ ਪ੍ਰਭਾਵਿਤ ਕੀਤਾ।

## ਲੋਕ ਹੜ੍ਹਾਂ ਬਾਰੇ ਕੋਈ ਚਿੰਤਾ ਨਾ ਕਰਨ, ਪੰਜਾਬ ਸਰਕਾਰ ਪੂਰੀ ਤਰ੍ਹਾਂ ਚੌਕਸ: ਸਿਹਤ ਮੰਤਰੀ

**ਪਟਿਆਲਾ, 16 ਜੁਲਾਈ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਹੈ ਕਿ ਮਾਨਸੂਨ ਸੀਜ਼ਨ 'ਚ ਲੋਕ ਹੜ੍ਹ ਆਉਣ ਦੀ ਕੋਈ ਚਿੰਤਾ ਨਾ ਕਰਨ, ਕਿਉਂਕਿ ਪੰਜਾਬ ਸਰਕਾਰ ਪੂਰੀ ਤਰ੍ਹਾਂ ਚੌਕਸ ਹੈ ਤੇ ਵਿਭਾਗੀ ਤਾਲਮੇਲ ਨਾਲ ਪ੍ਰਸ਼ਾਸਕੀ ਮਸ਼ੀਨਰੀ ਨੇ ਸਾਰੇ ਲੋੜੀਂਦੇ ਹੜ੍ਹ ਰੋਕੂ ਪ੍ਰਬੰਧ ਅਗੇਤੇ ਹੀ ਮੁਕੰਮਲ ਕਰ ਲਏ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਬਿਨ੍ਹਾਂ ਸਿਹਤ ਵਿਭਾਗ ਨੇ ਜਿੱਥੇ ਡੇਂਗੂ ਤੇ ਹੋਰ ਬਿਮਾਰੀਆਂ ਤੋਂ ਬਚਾਅ ਲਈ ਜਾਗਰੂਕਤਾ ਵਧਾਈ ਹੈ, ਉਥੇ ਹੀ ਇਲਾਜ ਪ੍ਰਬੰਧ ਵੀ ਪੁਖ਼ਤਾ ਕੀਤੇ ਹਨ। ਸਿਹਤ ਮੰਤਰੀ ਅੱਜ ਪਟਿਆਲਾ ਵਿਖੇ ਕੀਤੀ ਪ੍ਰੈਸ ਕਾਫਰੰਸ 'ਚ ਹੜ੍ਹਾਂ ਤੋਂ ਬਚਾਅ ਬਾਬਤ ਤਿਆਰੀਆਂ ਦੀ ਜਾਣਕਾਰੀ ਦੇ ਰਹੇ ਸਨ।



ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਘੱਗਰ ਸਮੇਤ ਵੱਡੀ ਨਦੀ ਤੇ ਹੋਰ ਨਦੀਆਂ ਨਾਲਿਆਂ 'ਤੇ ਹਰ ਪਲ ਨਜ਼ਰ ਰੱਖੀ ਜਾ ਰਹੀ ਹੈ, ਜਿਸ ਲਈ ਲੋਕਾਂ ਨੂੰ ਘਬਰਾਹਟ 'ਚ ਆਉਣ ਦੀ ਕੋਈ ਲੋੜ ਨਹੀਂ ਹੈ ਜਦਕਿ ਡਰੇਨੇਜ਼ ਮਹਿਕਮੇ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਨੇ ਵੀ ਸਾਰੀਆਂ ਹੜ੍ਹ ਰੋਕੂ ਤਿਆਰੀਆਂ ਪਹਿਲਾਂ ਹੀ ਮੁਕੰਮਲ ਕਰ ਰੱਖੀਆਂ ਹਨ। ਉਨ੍ਹਾਂ ਦੱਸਿਆ ਕਿ ਵੱਡੀ ਨਦੀ ਦੀ ਸਫ਼ਾਈ ਤੇ ਬੰਨ੍ਹ ਮਜ਼ਬੂਤ ਕਰਨ ਸਮੇਤ ਇਸ ਦੀ ਪਾਣੀ ਲਿਜਾਣ ਦੀ ਸਮਰੱਥ ਵਧਾਈ ਗਈ ਹੈ।

ਸਿਹਤ ਮਹਿਕਮੇ ਵੱਲੋਂ ਬਰਸਾਤੀ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਤੇ ਡੇਂਗੂ, ਚਿਕਨਗੁਨੀਆ, ਡਾਇਰੀਆ, ਹੈਪੇਟਾਈਟਸ ਤੇ ਹੋਰ ਬਿਮਾਰੀਆਂ ਤੋਂ ਬਚਾਅ ਸਬੰਧੀ ਕੀਤੇ ਉਪਾਵਾਂ ਦੀ ਜਾਣਕਾਰੀ ਦਿੰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਕਿਸੇ ਵੀ ਹੰਗਾਮੀ ਮੈਡੀਕਲ ਸਥਿਤੀ ਲਈ 104 ਹੈਲਪਲਾਈਨ ਨੰਬਰ ਜਾਰੀ ਕੀਤਾ ਗਿਆ ਹੈ। ਸਿਹਤ ਵਿਭਾਗ ਸਮੇਤ ਡਰੇਨੇਜ, ਜਲ ਸਪਲਾਈ, ਸਥਾਨਕ ਸਰਕਾਰਾਂ, ਪੰਚਾਇਤ, ਸਿੱਖਿਆ, ਆਈ.ਐਮ.ਏ., ਕੈਮਿਸਟ ਐਸੋਸੀਏਸ਼ਨ, ਸਮਾਜ ਸੇਵੀ ਸੰਸਥਾਵਾਂ ਅਤੇ ਹੋਰ ਸਬੰਧਤ ਵਿਭਾਗਾਂ ਦਾ ਆਪਸੀ ਤਾਲਮੇਲ ਕਰਵਾਇਆ ਗਿਆ ਹੈ। ਸੰਭਾਵੀ ਹੜ੍ਹਾਂ ਦੌਰਾਨ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਲਈ 85 ਦਵਾਈਆਂ ਦੀ ਸੂਚੀ ਬਣਾ ਕੇ ਸਾਰੇ ਹਸਪਤਾਲਾਂ 'ਚ ਪਹੁੰਚਾਈਆ ਹਨ।

ਸਿਹਤ ਮੰਤਰੀ ਨੇ ਅੱਗੇ ਦੱਸਿਆ ਕਿ ਰਾਜ ਭਰ 'ਚ ਡੇਂਗੂ ਦੇ ਇਲਾਜ ਲਈ ਸਰਕਾਰੀ ਹਸਪਤਾਲਾਂ 'ਚ 1200 ਬੈਡ ਰਾਖਵੇਂ ਰੱਖੇ ਹਨ, ਡੇਂਗੂ ਟੈਸਟਿੰਗ 'ਚ 10 ਗੁਣਾ ਵਾਧਾ ਕੀਤਾ ਗਿਆ ਹੈ ਤੇ ਇਕੱਲੇ ਆਮ ਆਦਮੀ ਕਲੀਨਿਕਾਂ 'ਚ ਹੀ 30000 ਟੈਸਟ ਹੋਏ ਹਨ ਅਤੇ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਨੂੰ ਹੋਰ ਤੇਜ਼ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਡੇਂਗੂ ਦੇ ਮੁਫ਼ਤ ਇਲਾਜ ਸਮੇਤ 12000 ਰੁਪਏ ਦੀ ਸਿੰਗਲ ਡੋਜ਼ ਪਲੇਟਲੈਟ ਕਿੱਟ ਵੀ ਮੁਫ਼ਤ ਮੁਹੱਈਆ ਕਰਵਾਈ ਗਈ ਹੈ।

ਡਾ. ਬਲਬੀਰ ਸਿੰਘ ਨੇ ਦੱਸਿਆ ਕਿ 2300 ਸਾਂਝੀਆਂ ਟੀਮਾਂ ਦਾ ਗਠਨ ਕਰਕੇ ਮੱਛਰਾਂ ਦੀ ਪ੍ਰਜਣਨ ਚੈਕ ਕਰਨ ਲਈ 1500 ਬ੍ਰੀਡਿੰਗ ਚੈਕਰ, 38122 ਟ੍ਰੇਂਡ ਨਰਸਿੰਗ ਸਟੂਡੈਂਟਸ, 20515 ਆਸ਼ਾ ਵਰਕਰਾਂ ਨੂੰ ਵੀ ਸਿਖਲਾਈ ਦੇ ਕੇ 53 ਲੱਖ ਘਰਾਂ ਦੀ ਚੈਕਿੰਗ ਕੀਤੀ ਗਈ ਹੈ ਅਤੇ 11000 ਤੋਂ ਵਧ ਘਰਾਂ 'ਚ ਡੇਂਗੂ ਦਾ ਲਾਰਵਾ ਨਸ਼ਟ ਕੀਤਾ ਗਿਆ ਹੈ।

ਇਸ ਦੇ ਨਾਲ ਹੀ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਦਾ ਵੀ ਗਠਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਾਰੀ ਕਾਰਵਾਈ ਦੀ ਰੀਅਲ ਟਾਈਮ ਮੋਨੀਟਰਿੰਗ ਕੀਤੀ ਜਾ ਰਹੀ ਹੈ।

## ਪੀਆਰਟੀਸੀ ਕੰਟਰੈਕਟ ਵਰਕਰਾਂ ਦੀ ਹੜਤਾਲ ਕਾਰਨ ਪੰਜਾਬ ਭਰ 'ਚ ਬੱਸ ਸੇਵਾ ਪ੍ਰਭਾਵਿਤ; ਮੁਸਾਫਰ ਖੱਜਲ-ਖੁਆਰ



**ਪਟਿਆਲਾ, 16 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੀਆਰਟੀਸੀ ਕੰਟਰੈਕਟ ਵਰਕਰਾਂ ਵੱਲੋਂ ਮੰਗਾਂ ਦੀ ਪੂਰਤੀ ਨੂੰ ਲੈ ਕੇ ਸੂਬਾ ਆਗੂ ਹਰਕੇਸ਼ ਵਿੱਕੀ (ਪਟਿਆਲਾ) ਦੀ ਅਗਵਾਈ ਅਧੀਨ ਹੜਤਾਲ ਕੀਤੀ ਗਈ ਹੈ। ਜਿਸ ਕਾਰਨ ਲੋਕਾਂ ਨੂੰ ਭਾਰੀ ਖੱਜਲ ਖੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਦੌਰਾਨ ਖਾਸ ਕਰਕੇ ਆਧਾਰ ਕਾਰਡ ਦੇ ਤਹਿਤ ਸਫਰ ਕਰਨ ਵਾਲੀਆਂ ਮਹਿਲਾਵਾਂ ਨੂੰ ਜ਼ਿਆਦ ਪਰੇਸ਼ਾਨੀ ਝੱਲਣੀ ਪਈ।

ਇਸ ਮੌਕੇ ਯੂਨੀਅਨ ਵੱਲੋਂ ਪੀਆਰਟੀਸੀ ਦੀਆਂ 1300 ਵਿੱਚੋਂ ਅੱਧ ਤੋਂ ਵੱਧ ਬੱਸਾਂ ਦਾ ਚੱਕਾ ਜਾਮ ਹੋਣ ਦਾ ਦਾਅਵਾ ਕੀਤਾ ਗਿਆ ਹੈ। ਜਦਕਿ ਮੈਨੇਜਮੈਂਟ ਦਾ ਕਹਿਣਾ ਹੈ ਕਿ ਉਹਨਾਂ ਵੱਲੋਂ ਕੀਤੇ ਗਏ ਬਦਲਵੇ ਪ੍ਰਬੰਧਾਂ ਦੇ ਤਹਿਤ ਵੱਧ ਤੋਂ ਵੱਧ ਬੱਸਾਂ ਚਲਾਈਆਂ ਜਾ ਰਹੀਆਂ ਹਨ।

ਜਿਕਰਯੋਗ ਹੈ ਕਿ ਯੂਨੀਅਨ ਅਤੇ ਮੈਨੇਜਮੈਂਟ ਦਰਮਿਆਨ ਇਹ ਰੱਫੜ ਯੂਨੀਅਨ ਦੇ ਸੂਬਾਈ ਚੇਅਰਮੈਨ ਗੁਰਿੰਦਰ ਸਿੰਘ ਗੁਰੀ ਦੀ ਬਰਖਾਸਤਗੀ ਨੂੰ ਲੈ ਕੇ ਪਿਆ। ਬੀਤੇ ਦਿਨ ਚੱਲੀਆਂ ਮੀਟਿੰਗਾਂ ਦੌਰਾਨ ਵੀ ਜਦੋਂ ਮੈਨੇਜਮੈਂਟ ਵੱਲੋਂ ਯੂਨੀਅਨ ਆਗੂ ਦੀ ਬਹਾਲੀ ਲਈ ਹਾਮੀ ਨਾ ਭਰੀ ਗਈ ਤਾਂ ਸੂਬਾ ਆਗੂ ਹਰਕੇਸ਼ ਵਿੱਕੀ ਨੇ ਹੜਤਾਲ ਦਾ ਐਲਾਨ ਕਰ ਦਿੱਤਾ।

ਭਾਵੇਂ ਕਿ ਹੜਤਾਲ ਕੱਲ੍ਹ ਹੀ ਐਲਾਨ ਦਿੱਤੀ ਗਈ ਸੀ, ਪ੍ਰੰਤੂ ਮੁਕੰਮਲ ਤੌਰ 'ਤੇ ਇਸ ਹੜਤਾਲ ਦਾ ਅਸਰ 16 ਜੁਲਾਈ ਦੀ ਸਵੇਰ ਤੋਂ ਹੀ ਦਿਖਣ ਲੱਗਿਆ।

ਅਚਾਨਕ ਸ਼ੁਰੂ ਹੋਈ ਇਸ ਹੜਤਾਲ ਕਾਰਨ ਮੁਸਾਫਰਾਂ ਨੂੰ ਮੁਸ਼ਕਿਲਾਂ ਪੇਸ਼ ਆ ਰਹੀਆਂ ਹਨ। ਅੱਤ ਦੀ ਗਰਮੀ ਦੌਰਾਨ ਲੋਕ ਬੱਸ ਅੱਡਿਆਂ ਵਿੱਚ ਖੱਜਲ ਖੁਆਰ ਹੋਣ ਲਈ ਮਜਬੂਰ ਹਨ। ਸਨੌਰ ਤੋਂ ਕਾਂਗਰਸ ਦੇ ਆਗੂ ਬਲਿਹਾਰ ਸ਼ਮਸਪੁਰ ਅਤੇ ਗੌਰਵ ਸੰਧੂ ਦਾ ਕਹਿਣਾ ਹੈ ਕਿ ਸਰਕਾਰ ਦੀ ਨਲਾਇਕੀ ਦਾ ਹੀ ਸਿੱਟਾ ਹੈ ਕਿ ਲੋਕ ਪਰੇਸ਼ਾਨ ਹੋ ਰਹੇ ਹਨ। ਉਨ੍ਹਾਂ ਮੰਗ ਕੀਤੀ ਕਿ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਦੀ ਪੂਰਤੀ ਯਕੀਨੀ ਬਣਾਈ ਜਾਵੇ ਤਾਂ ਜੋ ਮੁਲਾਜ਼ਮਾਂ ਦੀ ਖੱਜਲ ਖੁਆਰੀ ਰੁਕ ਸਕੇ।


ਇਸੇ ਦੌਰਾਨ ਹੜਤਾਲੀ ਮੁਲਾਜ਼ਮਾਂ ਨੇ ਅੱਜ ਪਟਿਆਲਾ ਬੱਸ ਅੱਡੇ ਵਿੱਚ ਰੋਸ ਪ੍ਰਦਰਸ਼ਨ ਵੀ ਕੀਤਾ। ਜਿਸ ਦੌਰਾਨ ਮੰਗਾਂ ਦੀ ਪੂਰਤੀ ਤੱਕ ਡਟੇ ਰਹਿਣ ਦਾ ਅਹਿਦ ਵੀ ਲਿਆ ਗਿਆ। ਗੁਰੀ ਦੀ ਬਹਾਲੀ ਸਮੇਤ ਇਹ ਹੜਤਾਲੀ ਵਰਕਰ ਆਪਣੀਆਂ ਸੇਵਾਵਾਂ ਰੈਗੂਲਰ ਕਰਨ ਸਮੇਤ ਕਈ ਹੋਰ ਮੰਗਾਂ ਦੀ ਪੂਰਤੀ 'ਤੇ ਵੀ ਜ਼ੋਰ ਦੇ ਰਹੇ ਹਨ।

## ਸੋਨਮ ਵਾਂਗਚੁੱਕ ਦੀ ਸਿਹਤ ਨਾਜ਼ੁਕ: ਡਾਕਟਰਾਂ ਨੇ ਦਿੱਤੀ ਅੰਗਾਂ ਦੇ ਖ਼ਰਾਬ ਹੋਣ ਦੀ ਚਿਤਾਵਨੀ

### 19 ਦਿਨਾਂ ਤੋਂ ਹੜਤਾਲ 'ਤੇ ਹੋਣ ਕਾਰਨ ਸੋਨਮ ਵਾਂਗਚੁਕ ਦਾ 9 ਕਿੱਲੋ ਵਜ਼ਨ ਘਟਿਆ

**ਨਵੀਂ ਦਿੱਲੀ, 16 ਜੁਲਾਈ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਮਾਜਿਕ ਕਾਰਕੁਨ ਸੋਨਮ ਵਾਂਗਚੁਕ ਦੀ ਅਣਮਿੱਥੇ ਸਮੇਂ ਦੀ ਭੁੱਖ ਹੜਤਾਲ ਵੀਰਵਾਰ ਨੂੰ 19ਵੇਂ ਦਿਨ ਵਿੱਚ ਪ੍ਰਵੇਸ਼ ਕਰ ਗਈ ਹੈ। ਇਸ ਦੌਰਾਨ ਉਨ੍ਹਾਂ ਦਾ ਵਜ਼ਨ 9 ਕਿਲੋ ਤੋਂ ਵੱਧ ਘਟ ਗਿਆ ਹੈ। ਡਾਕਟਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਲੰਬੇ ਸਮੇਂ ਦੇ ਵਰਤ ਕਾਰਨ ਉਨ੍ਹਾਂ ਦੀ ਸਿਹਤ ਬਹੁਤ ਨਾਜ਼ੁਕ ਪੜਾਅ 'ਤੇ ਪਹੁੰਚ ਚੁੱਕੀ ਹੈ ਅਤੇ ਹੁਣ ਇਸ ਦਾ ਅਸਰ ਉਨ੍ਹਾਂ ਦੇ ਸਰੀਰਕ ਅੰਗਾਂ 'ਤੇ ਪੈਣਾ ਸ਼ੁਰੂ ਹੋ ਸਕਦਾ ਹੈ। ਰਾਤ ਨੂੰ ਜਾਰੀ ਕੀਤੇ ਇੱਕ ਵੀਡੀਓ ਸੰਦੇਸ਼ ਵਿੱਚ ਵਾਂਗਚੁਕ ਨੇ ਸਿਆਸੀ ਆਗੂਆਂ ਅਤੇ ਸਮਰਥਕਾਂ ਦੀਆਂ ਅਪੀਲਾਂ ਦੇ ਬਾਵਜੂਦ ਭੁੱਖ ਹੜਤਾਲ ਖ਼ਤਮ ਕਰਨ ਤੋਂ ਸਾਫ਼ ਇਨਕਾਰ ਕਰ ਦਿੱਤਾ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੋਈ ਹੁੰਗਾਰਾ ਮਿਲੇ ਬਿਨਾਂ ਵਰਤ ਤੋੜਨਾ ਗਲਤ ਸੰਦੇਸ਼ ਦੇਵੇਗਾ। ਇਸ ਦੀ ਬਜਾਏ,



ਉਨ੍ਹਾਂ ਨੇ ਲੋਕਾਂ ਨੂੰ 'ਕਾਕਰੋਚ ਜਨਤਾ ਪਾਰਟੀ' ਵੱਲੋਂ 20 ਜੁਲਾਈ ਨੂੰ ਕੀਤੇ ਜਾਣ ਵਾਲੇ ਸੰਸਦ ਮਾਰਚ ਨੂੰ ਹੋਰ ਮਜ਼ਬੂਤ ਕਰਨ ਦੀ ਅਪੀਲ ਕੀਤੀ।

ਦਿੱਲੀ ਹਾਈ ਕੋਰਟ ਨੇ ਵੀਰਵਾਰ ਨੂੰ ਪ੍ਰਸ਼ਾਸਨ ਨੂੰ ਨਿਰਦੇਸ਼ ਦਿੱਤੇ ਹਨ ਕਿ ਸੋਨਮ ਵਾਂਗਚੁਕ ਦੀ ਸਿਹਤ ਦੀ ਰੋਜ਼ਾਨਾ ਨਿਗਰਾਨੀ ਕੀਤੀ ਜਾਵੇ ਅਤੇ ਲੋੜ ਪੈਣ 'ਤੇ ਤੁਰੰਤ ਡਾਕਟਰੀ ਸਹਾਇਤਾ ਮੁਹੱਈਆ ਕਰਵਾਈ ਜਾਵੇ। ਅਦਾਲਤ ਨੇ ਕਿਹਾ ਕਿ ਕਿਸੇ ਵੀ ਨਾਗਰਿਕ ਦੀ ਜਾਨ ਬਹੁਤ ਕੀਮਤੀ ਹੈ। ਕੇਂਦਰ ਅਤੇ ਦਿੱਲੀ ਸਰਕਾਰ ਨੇ ਵੀ ਅਦਾਲਤ ਨੂੰ ਦੱਸਿਆ ਕਿ ਉਨ੍ਹਾਂ ਨੂੰ ਨਿਯਮਤ ਮੈਡੀਕਲ ਨਿਗਰਾਨੀ 'ਤੇ ਕੋਈ ਇਤਰਾਜ਼ ਨਹੀਂ ਹੈ।

ਦੂਜੇ ਪਾਸੇ, ਇਸ ਅੰਦੋਲਨ ਨੂੰ ਲਗਾਤਾਰ ਵੱਡਾ ਸਮਰਥਨ ਮਿਲ ਰਿਹਾ ਹੈ। ਕਿਸਾਨ ਆਗੂ ਰਾਕੇਸ਼ ਟਿਕੈਤ ਨੇ ਵੀਰਵਾਰ ਸ਼ਾਮ ਨੂੰ ਜੰਤਰ-ਮੰਤਰ ਜਾ ਕੇ ਵਾਂਗਚੁਕ ਨਾਲ ਮੁਲਾਕਾਤ ਕਰਨ ਦਾ ਐਲਾਨ ਕੀਤਾ ਹੈ। ਇਸ ਦੇ ਨਾਲ ਹੀ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੀ ਵੀਰਵਾਰ ਨੂੰ ਉੱਥੇ ਪਹੁੰਚਣ ਵਾਲੇ ਹਨ। ਸੰਗੀਤਕਾਰ ਵਿਸ਼ਾਲ ਡਡਲਾਨੀ, ਅਦਾਕਾਰ ਸਯਾਜੀ ਸ਼ਿੰਦੇ ਅਤੇ ਲੇਖਿਕਾ ਸ਼ੋਭਾ ਡੇਅ ਨੇ ਵੀ ਵਾਂਗਚੁਕ ਦੀ ਵਿਗੜਦੀ ਸਿਹਤ 'ਤੇ ਚਿੰਤਾ ਪ੍ਰਗਟਾਈ ਹੈ ਅਤੇ ਸਰਕਾਰ ਨੂੰ ਉਨ੍ਹਾਂ ਨਾਲ ਗੱਲਬਾਤ ਕਰਨ ਦੀ ਅਪੀਲ ਕੀਤੀ ਹੈ।

ਡਾਕਟਰ ਸਤੀਸ਼ ਲਾਂਬਾ ਵੱਲੋਂ ਜਾਰੀ ਮੈਡੀਕਲ ਬੁਲੇਟਿਨ ਅਨੁਸਾਰ, ਭੁੱਖ ਹੜਤਾਲ ਕਾਰਨ ਵਾਂਗਚੁਕ ਦਾ ਵਜ਼ਨ 9 ਕਿਲੋ ਤੋਂ ਵੱਧ ਘਟ ਚੁੱਕਾ ਹੈ। ਉਨ੍ਹਾਂ ਦੀ ਬਲੱਡ ਸ਼ੂਗਰ 80 mg/dL ਅਤੇ ਨਬਜ਼ 72 ਪ੍ਰਤੀ ਮਿੰਟ ਦਰਜ ਕੀਤੀ ਗਈ। ਬਲੱਡ ਪ੍ਰੈਸ਼ਰ ਲੇਟਣ ਵੇਲੇ 105/61 mmHg ਅਤੇ ਬੈਠਣ ਵੇਲੇ 101/65 mmHg ਪਾਇਆ ਗਿਆ। ਹਾਲਾਂਕਿ ਉਹ ਮਾਨਸਿਕ ਤੌਰ 'ਤੇ ਪੂਰੀ ਤਰ੍ਹਾਂ ਸੁਚੇਤ ਹਨ।




## ਮਨਰੇਗਾ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਹਮਦਰਦੀ ਨਾਲ ਹੱਲ ਕਰਾਂਗੇ : ਤਰੁਨਪ੍ਰੀਤ ਸਿੰਘ ਸੌਂਦ



**ਚੰਡੀਗੜ੍ਹ, 16 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਅਤੇ ਹਲਕਾ ਖੰਨਾ ਤੋਂ ਵਿਧਾਇਕ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਬੀਤੀ ਰਾਤ ਸਿਵਲ ਹਸਪਤਾਲ ਖੰਨਾ ਵਿਖੇ ਪਹੁੰਚ ਕੇ ਜ਼ਖ਼ਮੀ ਮਨਰੇਗਾ ਕਰਮਚਾਰੀ ਸੌਦਾਗਰ ਸਿੰਘ ਅਤੇ ਡੀ.ਐਸ.ਪੀ. ਖੰਨਾ ਵਿਨੋਦ ਕੁਮਾਰ ਦਾ ਹਾਲ-ਚਾਲ ਪੁੱਛਿਆ। ਉਨ੍ਹਾਂ ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਡਾ. ਮਨਿੰਦਰ ਸਿੰਘ ਭਸੀਨ ਨੂੰ ਹਦਾਇਤ ਕੀਤੀ ਕਿ ਇਹਨਾਂ ਦਾ ਇਲਾਜ ਮੁਫ਼ਤ ਅਤੇ ਬਿਹਤਰ ਢੰਗ ਨਾਲ ਯਕੀਨੀ ਬਣਾਇਆ ਜਾਵੇ। ਇਸ ਮੌਕੇ ਉਨ੍ਹਾਂ ਨਾਲ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ, ਮਨਰੇਗਾ ਕਰਮਚਾਰੀਆਂ ਦੇ ਸਰਪ੍ਰਸਤ ਵਰਿੰਦਰ ਸਿੰਘ, ਪ੍ਰਧਾਨ ਗੁਰਸੇਵਕ ਸਿੰਘ ਅਤੇ ਹੋਰ ਨੁਮਾਇੰਦੇ ਵੀ ਮੌਜੂਦ ਸਨ।

ਮੀਡੀਆ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮਨਰੇਗਾ ਕਰਮਚਾਰੀਆਂ ਨਾਲ ਪਿਛਲੇ ਕਰੀਬ 20 ਦਿਨਾਂ ਤੋਂ ਲਗਾਤਾਰ ਗੱਲਬਾਤ ਅਤੇ ਮੀਟਿੰਗਾਂ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮਨਰੇਗਾ ਕਰਮਚਾਰੀਆਂ ਦੀ ਮੌਜੂਦਾ ਸਥਿਤੀ ਦਾ ਮੁੱਖ ਕਾਰਨ ਕੇਂਦਰ ਸਰਕਾਰ ਵੱਲੋਂ ਮਨਰੇਗਾ ਸਕੀਮ ਨੂੰ ਬੰਦ ਕਰਕੇ ਨਵੀਂ ਸਕੀਮ ਲਾਗੂ ਕਰਨਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਕਰਮਚਾਰੀਆਂ ਨੇ ਆਪਣੇ ਜੀਵਨ ਦੇ ਕਈ ਸਾਲ ਮਨਰੇਗਾ ਸਕੀਮ ਲਈ ਸਮਰਪਿਤ ਕੀਤੇ ਹਨ ਅਤੇ ਉਨ੍ਹਾਂ ਨੂੰ ਨਵੀਂ ਵਿਵਸਥਾ ਵਿੱਚ ਢੁੱਕਵਾਂ ਮੌਕਾ ਮਿਲਣਾ ਚਾਹੀਦਾ ਹੈ। ਮਨਰੇਗਾ ਕਰਮਚਾਰੀਆਂ ਨੇ ਨਵੀਂ ਸਕੀਮ ਵਿੱਚ ਕੰਮ ਕਰਨ ਦੀ ਇੱਛਾ ਜਤਾਈ ਹੈ, ਬਸ਼ਰਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਸਵੀਕਾਰ ਕੀਤਾ ਜਾਵੇ। ਸ੍ਰੀ ਸੌਂਦ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਸਰਕਾਰ ਅਤੇ ਮਨਰੇਗਾ ਕਰਮਚਾਰੀਆਂ ਵਿਚਕਾਰ ਕੋਈ ਆਪਸੀ ਮਤਭੇਦ ਨਹੀਂ ਹੈ ਅਤੇ ਪੰਜਾਬ ਸਰਕਾਰ ਸੰਵਾਦ ਰਾਹੀਂ ਹਰ ਮਸਲੇ ਦਾ ਹੱਲ ਚਾਹੁੰਦੀ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੇ ਸਪੱਸ਼ਟ ਨਿਰਦੇਸ਼ ਹਨ ਕਿ ਮਨਰੇਗਾ ਕਰਮਚਾਰੀਆਂ ਦੀ ਗੱਲ ਪੂਰੀ ਹਮਦਰਦੀ ਨਾਲ ਸੁਣੀ ਜਾਵੇ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਸਵੀਕਾਰ ਕਰਕੇ ਹੱਲ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਉਹ ਅੱਜ ਚੰਡੀਗੜ੍ਹ ਤੋਂ ਆਪਣੀਆਂ ਮੀਟਿੰਗਾਂ ਸਮਾਪਤ ਕਰਕੇ ਤੁਰੰਤ ਖੰਨਾ ਪਹੁੰਚੇ ਅਤੇ ਮਨਰੇਗਾ ਕਰਮਚਾਰੀਆਂ ਨਾਲ ਇੱਕ ਘੰਟੇ ਤੋਂ ਵੱਧ ਸਮਾਂ ਬੈਠਕ ਕੀਤੀ। ਉਨ੍ਹਾਂ ਨੇ ਸੀਨੀਅਰ ਅਧਿਕਾਰੀਆਂ ਨਾਲ ਫੋਨ 'ਤੇ ਗੱਲ ਕਰਕੇ ਮਨਰੇਗਾ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਸਬੰਧੀ ਲਿਖਤੀ ਭਰੋਸਾ ਦੇਣ ਦੇ ਨਿਰਦੇਸ਼ ਵੀ ਜਾਰੀ ਕੀਤੇ। ਉਨ੍ਹਾਂ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਇਹਨਾਂ ਕਰਮਚਾਰੀਆਂ ਦੇ ਹਿੱਤਾਂ ਦੀ ਰੱਖਿਆ ਲਈ ਵਚਨਬੱਧ ਹੈ ਅਤੇ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਨੂੰ ਹਮਦਰਦੀ ਅਤੇ ਸੰਵਿਧਾਨਕ ਢੰਗ ਨਾਲ ਹੱਲ ਕੀਤਾ ਜਾਵੇਗਾ।

ਇਸ ਮੌਕੇ ਮਨਰੇਗਾ ਕਰਮਚਾਰੀ ਯੂਨੀਅਨ ਪੰਜਾਬ ਦੇ ਸਰਪਰਸਤ ਸ੍ਰੀ ਵਰਿੰਦਰ ਸਿੰਘ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮਨਰੇਗਾ ਕਰਮਚਾਰੀ ਪਿਛਲੇ 18 ਸਾਲਾਂ ਤੋਂ ਮਨਰੇਗਾ ਸਕੀਮ ਅਧੀਨ ਸੇਵਾਵਾਂ ਨਿਭਾ ਰਹੇ ਹਨ ਅਤੇ ਉਨ੍ਹਾਂ ਦੀ ਮੁੱਖ ਮੰਗ ਸਰਕਾਰ ਵੱਲੋਂ ਰੁਜ਼ਗਾਰ ਦਿੱਤਾ ਜਾਣਾ ਹੈ।

ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਖੁਦ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਸਿਵਲ ਹਸਪਤਾਲ ਖੰਨਾ ਵਿਖੇ ਪਹੁੰਚੇ ਹਨ ਅਤੇ ਜ਼ਖ਼ਮੀ ਮੁਲਾਜ਼ਮਾਂ ਦਾ ਡਾਕਟਰਾਂ ਨੂੰ ਮੁਫ਼ਤ ਤੇ ਵਧੀਆ ਇਲਾਜ ਕਰਨ ਦੇ ਆਦੇਸ਼ ਦਿੱਤੇ ਹਨ।

ਵਰਿੰਦਰ ਸਿੰਘ ਨੇ ਅੱਗੇ ਦੱਸਿਆ ਕਿ ਇਸ ਤੋਂ ਪਹਿਲਾਂ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਰਿਹਾਇਸ਼ 'ਤੇ ਮੰਗਾਂ ਸਬੰਧੀ ਲਗਭਗ ਇੱਕ ਘੰਟੇ ਤੱਕ ਵਿਸਥਾਰਪੂਰਵਕ ਮੀਟਿੰਗ ਹੋਈ, ਜਿਸ ਵਿੱਚ ਮੰਤਰੀ ਨੇ ਵਿਭਾਗੀ ਅਧਿਕਾਰੀਆਂ ਨਾਲ ਗੱਲ ਕਰਕੇ ਜਾਇਜ਼ ਮੰਗਾਂ ਨੂੰ ਲਿਖਤੀ ਰੂਪ ਵਿੱਚ ਪੇਸ਼ ਕਰਨ ਲਈ ਕਿਹਾ ਅਤੇ ਉਨ੍ਹਾਂ ਦੇ ਹੱਲ ਦਾ ਭਰੋਸਾ ਦਿੱਤਾ।

## ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹਰਿਆਣਾ ਨੂੰ ਦੇਣਗੇ ਕਈ ਵਿਕਾਸ ਪ੍ਰੋਜੈਕਟਾਂ ਦੀ ਸੌਗਾਤ



**ਕੁਰੂਕਸ਼ੇਤਰ, 16 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ 17 ਜੁਲਾਈ ਨੂੰ ਹਰਿਆਣਾ ਦੇ ਜੀਂਦ ਤੋਂ ਕਈ ਮਹੱਤਵਪੂਰਨ ਵਿਕਾਸ ਪ੍ਰੋਜੈਕਟਾਂ ਦਾ ਲੋਕ ਅਰਪਣ ਅਤੇ ਨੀਂਹ ਪੱਥਰ ਰੱਖਣਗੇ। ਇਨ੍ਹਾਂ ਵਿੱਚ ਕੁਰੂਕਸ਼ੇਤਰ ਐਲੀਵੇਟਿਡ ਰੇਲਵੇ ਟਰੈਕ ਦਾ ਲੋਕ ਅਰਪਣ ਅਤੇ ਪਿੰਡ ਉਮਰੀ (ਕੁਰੂਕਸ਼ੇਤਰ) ਵਿੱਚ ਬਣਨ ਵਾਲੇ ਸਿੱਖ ਅਜਾਇਬ ਘਰ (ਸਿੱਖ ਮਿਊਜ਼ੀਅਮ) ਦਾ ਸ਼ਿਲਾਨਿਆਸ ਵੀ ਸ਼ਾਮਲ ਹੈ।

ਇਨ੍ਹਾਂ ਪ੍ਰੋਜੈਕਟਾਂ ਦੇ ਮੌਕੇ 'ਤੇ 17 ਜੁਲਾਈ ਸਵੇਰੇ 10 ਵਜੇ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਸ਼੍ਰੀਮਦ ਭਗਵਦ ਗੀਤਾ ਸਦਨ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਕਰਵਾਇਆ ਜਾਵੇਗਾ। ਇਸ ਦੌਰਾਨ ਪ੍ਰਧਾਨ ਮੰਤਰੀ ਦੇ ਸੰਬੋਧਨ ਦਾ ਸਿੱਧਾ ਪ੍ਰਸਾਰਣ (ਲਾਈਵ ਟੈਲੀਕਾਸਟ) ਵੀ ਦਿਖਾਇਆ ਜਾਵੇਗਾ।

ਸਮਾਗਮ ਦੇ ਮੁੱਖ ਮਹਿਮਾਨ ਹਰਿਆਣਾ ਦੇ ਸੰਸਦ ਮੈਂਬਰ ਨਵੀਨ ਜਿੰਦਲ ਹੋਣਗੇ। ਇਸ ਮੌਕੇ ਹਰਿਆਣਾ ਰਾਜ ਬਾਲ ਕਲਿਆਣ ਪਰਿਸ਼ਦ ਦੀ ਉਪ ਪ੍ਰਧਾਨ ਸੁਮਨ ਸੈਣੀ, ਸਾਬਕਾ ਰਾਜ ਮੰਤਰੀ ਸੁਭਾਸ਼ ਸੁਧਾ, ਐਨਐੱਸਸੀਏਆਰਡੀਬੀ ਦੇ ਚੇਅਰਮੈਨ ਸੁਭਾਸ਼ ਕਲਸਾਨਾ, ਹਰਿਆਣਾ ਸਰਸਵਤੀ ਧਰੋਹਰ ਵਿਕਾਸ ਬੋਰਡ ਦੇ ਉਪ ਪ੍ਰਧਾਨ ਧੁਮਨ ਸਿੰਘ ਕਿਰਮਚ, ਐਚਐਲਆਰਡੀਸੀ ਦੇ ਚੇਅਰਮੈਨ ਗੁਰਨਾਮ ਸੈਣੀ, 48 ਕੋਸ ਤੀਰਥ ਕੇਡੀਬੀ ਦੇ ਚੇਅਰਮੈਨ ਰਵਿੰਦਰ ਸਾਂਗਵਾਨ ਅਤੇ ਭਾਜਪਾ ਦੇ ਸੀਨੀਅਰ ਆਗੂ ਜੈ ਭਗਵਾਨ ਸ਼ਰਮਾ ਸਮੇਤ ਕਈ ਹੋਰ ਪ੍ਰਮੁੱਖ ਸ਼ਖਸੀਅਤਾਂ ਵੀ ਹਾਜ਼ਰ ਰਹਿਣਗੀਆਂ।

ਜ਼ਿਲ੍ਹਾ ਪ੍ਰਸ਼ਾਸਨ ਕੁਰੂਕਸ਼ੇਤਰ, ਐਮਡੀ ਐਚਆਰਆਈਡੀਸੀ ਅਤੇ ਹਰਿਆਣਾ ਪੁਰਾਤੱਤਵ ਵਿਭਾਗ ਵੱਲੋਂ ਸਮੂਹ ਲੋਕਾਂ ਨੂੰ ਇਸ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਗਿਆ ਹੈ।

ਇਨ੍ਹਾਂ ਪ੍ਰੋਜੈਕਟਾਂ ਨੂੰ ਹਰਿਆਣਾ, ਖ਼ਾਸ ਕਰਕੇ ਕੁਰੂਕਸ਼ੇਤਰ ਦੇ ਬੁਨਿਆਦੀ ਢਾਂਚੇ, ਆਵਾਜਾਈ ਅਤੇ ਸੱਭਿਆਚਾਰਕ ਵਿਰਾਸਤ ਦੇ ਵਿਕਾਸ ਵੱਲ ਇੱਕ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ।

# ਸੰਪਾਦਕੀ

## ਹੜ੍ਹਾਂ ਨਾਲ ਨਜਿੱਠਣ ਲਈ ਪੰਜਾਬ ਸਰਕਾਰ ਦੀਆਂ ਤਿਆਰੀਆਂ ਮੁਕੰਮਲ; ਕੀ ਅਸਲ ਕਸੌਟੀ ਤੇ ਪੂਰੀ ਉਤਰੇਗੀ ਸਰਕਾਰ

ਪੰਜਾਬ ਵਿੱਚ ਮਾਨਸੂਨ ਦਾ ਮੌਸਮ ਸ਼ੁਰੂ ਹੁੰਦਿਆਂ ਹੀ ਹਰ ਸਾਲ ਹੜ੍ਹ ਅਤੇ ਬਰਸਾਤੀ ਬਿਮਾਰੀਆਂ ਦਾ ਖ਼ਤਰਾ ਵਧ ਜਾਂਦਾ ਹੈ। ਖ਼ਾਸ ਕਰਕੇ ਘੱਗਰ, ਵੱਡੀ ਨਦੀ ਅਤੇ ਹੋਰ ਦਰਿਆਵਾਂ ਦੇ ਕਿਨਾਰੇ ਵੱਸਦੇ ਇਲਾਕਿਆਂ ਵਿੱਚ ਲੋਕਾਂ ਦੀ ਚਿੰਤਾ ਸੁਭਾਵਿਕ ਹੀ ਵੱਧ ਜਾਂਦੀ ਹੈ। ਅਜਿਹੇ ਸਮੇਂ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਹੜ੍ਹ ਰੋਕੂ ਪ੍ਰਬੰਧਾਂ ਅਤੇ ਸਿਹਤ ਸੁਰੱਖਿਆ ਸੰਬੰਧੀ ਕੀਤੇ ਐਲਾਨ ਲੋਕਾਂ ਵਿੱਚ ਭਰੋਸਾ ਪੈਦਾ ਕਰਨ ਵਾਲੇ ਹਨ।

ਸਰਕਾਰ ਵੱਲੋਂ ਡਰੇਨੇਜ ਪ੍ਰਣਾਲੀ ਦੀ ਸਫ਼ਾਈ, ਬੰਨ੍ਹਾਂ ਦੀ ਮਜ਼ਬੂਤੀ, ਹੜ੍ਹ ਕੰਟਰੋਲ ਰੂਮਾਂ ਦੀ ਸਥਾਪਨਾ, 104 ਹੈਲਪਲਾਈਨ, 85 ਕਿਸਮ ਦੀਆਂ ਦਵਾਈਆਂ ਦਾ ਸਟਾਕ, ਡੇਂਗੂ ਲਈ 1200 ਬੈੱਡ ਰਾਖਵੇਂ ਰੱਖਣਾ, ਲੱਖਾਂ ਘਰਾਂ ਦੀ ਜਾਂਚ ਅਤੇ ਹਜ਼ਾਰਾਂ ਸਿਹਤ ਕਰਮਚਾਰੀਆਂ ਨੂੰ ਤਿਆਰ ਕਰਨਾ ਇਹ ਦਰਸਾਉਂਦਾ ਹੈ ਕਿ ਪ੍ਰਸ਼ਾਸਨ ਨੇ ਇਸ ਵਾਰ ਪਹਿਲਾਂ ਤੋਂ ਯੋਜਨਾਬੱਧ ਤਰੀਕੇ ਨਾਲ ਕੰਮ ਕੀਤਾ ਹੈ। ਵਿਭਾਗਾਂ ਵਿਚਾਲੇ ਤਾਲਮੇਲ ਵੀ ਇੱਕ ਸਕਾਰਾਤਮਕ ਕਦਮ ਹੈ।

ਪਰ ਹਕੀਕਤ ਇਹ ਹੈ ਕਿ ਸਰਕਾਰੀ ਤਿਆਰੀਆਂ ਦੀ ਸਫ਼ਲਤਾ ਸਿਰਫ਼ ਐਲਾਨਾਂ ਨਾਲ ਨਹੀਂ, ਸਗੋਂ ਮੈਦਾਨ ਵਿੱਚ ਉਨ੍ਹਾਂ ਦੇ ਪ੍ਰਭਾਵਸ਼ਾਲੀ ਲਾਗੂ ਹੋਣ ਨਾਲ ਮਾਪੀ ਜਾਂਦੀ ਹੈ। ਪਿਛਲੇ ਸਾਲਾਂ ਵਿੱਚ ਕਈ ਥਾਵਾਂ 'ਤੇ ਹੜ੍ਹਾਂ ਦੌਰਾਨ ਰਾਹਤ ਸਮੱਗਰੀ ਦੀ ਦੇਰੀ, ਪਾਣੀ ਦੀ ਨਿਕਾਸੀ ਵਿੱਚ ਕਮੀਆਂ ਅਤੇ ਪੀੜਤਾਂ ਤੱਕ ਸਮੇਂ ਸਿਰ ਮਦਦ ਨਾ ਪਹੁੰਚਣ ਵਰਗੇ ਮੁੱਦੇ ਸਾਹਮਣੇ ਆਏ ਸਨ। ਇਸ ਵਾਰ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਹਰ ਜ਼ਿਲ੍ਹੇ ਦੀ ਮਸ਼ੀਨਰੀ ਸਿਰਫ਼ ਕਾਗਜ਼ਾਂ ਤੱਕ ਸੀਮਤ ਨਾ ਰਹੇ, ਸਗੋਂ ਐਮਰਜੈਂਸੀ ਵੇਲੇ ਤੁਰੰਤ ਕਾਰਵਾਈ ਕੀਤੀ ਜਾਵੇ।

ਪੰਜਾਬ ਵਿੱਚ ਮਾਨਸੂਨ ਦੌਰਾਨ ਆਉਣ ਵਾਲੇ ਹੜ੍ਹ ਕੋਈ ਨਵੀਂ ਗੱਲ ਨਹੀਂ ਹੈ। ਪਿਛਲੇ ਕਈ ਦਹਾਕਿਆਂ ਵਿੱਚ ਸੂਬੇ ਨੇ ਕਈ ਵੱਡੀਆਂ ਕੁਦਰਤੀ ਆਫ਼ਤਾਂ ਦਾ ਸਾਹਮਣਾ ਕੀਤਾ ਹੈ, ਜਿਨ੍ਹਾਂ ਵਿੱਚ 1993 ਦੇ ਭਿਆਨਕ ਹੜ੍ਹ ਅਤੇ 2025 ਦੇ ਮਾਨਸੂਨੀ ਹੜ੍ਹ ਸਭ ਤੋਂ ਵੱਧ ਚਰਚਾ ਵਿੱਚ ਰਹੇ। ਇਨ੍ਹਾਂ ਦੋਵਾਂ ਆਫ਼ਤਾਂ ਨੇ ਹਜ਼ਾਰਾਂ ਪਰਿਵਾਰਾਂ ਦੀ ਜ਼ਿੰਦਗੀ ਪ੍ਰਭਾਵਿਤ ਕੀਤੀ ਅਤੇ ਖੇਤੀਬਾੜੀ, ਬੁਨਿਆਦੀ ਢਾਂਚੇ ਅਤੇ ਆਰਥਿਕਤਾ ਨੂੰ ਵੱਡਾ ਨੁਕਸਾਨ ਪਹੁੰਚਾਇਆ।

ਜੁਲਾਈ 1993 ਵਿੱਚ ਲਗਾਤਾਰ ਕਈ ਦਿਨਾਂ ਤੱਕ ਪਈ ਭਾਰੀ ਮਾਨਸੂਨੀ ਬਾਰਿਸ਼ ਅਤੇ ਖਰਾਬ ਮੌਸਮੀ ਹਾਲਾਤਾਂ ਕਾਰਨ ਉੱਤਰੀ ਭਾਰਤ ਦੇ ਅੱਠ ਰਾਜਾਂ ਵਿੱਚ ਭਿਆਨਕ ਹੜ੍ਹ ਆਏ। ਇਸ ਆਫ਼ਤ ਵਿੱਚ 530 ਤੋਂ ਵੱਧ ਲੋਕਾਂ ਦੀ ਜਾਨ ਗਈ, ਜਦਕਿ ਲੱਖਾਂ ਲੋਕ ਬੇਘਰ ਹੋ ਗਏ।

ਤਿੰਨ ਦਹਾਕਿਆਂ ਬਾਅਦ 2025 ਵਿੱਚ ਪੰਜਾਬ ਨੇ ਇੱਕ ਵਾਰ ਫਿਰ ਭਿਆਨਕ ਮਾਨਸੂਨੀ ਹੜ੍ਹਾਂ ਦਾ ਸਾਹਮਣਾ ਕੀਤਾ। ਪਟਿਆਲਾ ਜ਼ਿਲ੍ਹੇ ਵਿੱਚ ਅਧਿਕਾਰਤ ਤੌਰ 'ਤੇ 2 ਮੌਤਾਂ ਦਰਜ ਕੀਤੀਆਂ ਗਈਆਂ, ਜਦਕਿ ਪੂਰੇ ਪੰਜਾਬ ਵਿੱਚ ਸਰਕਾਰੀ ਬੁਲੇਟਿਨਾਂ ਅਤੇ ਅਧਿਕਾਰਤ ਬਿਆਨਾਂ ਮੁਤਾਬਕ 40 ਤੋਂ 51 ਲੋਕਾਂ ਦੀ ਮੌਤ ਹੋਈ। ਹਜ਼ਾਰਾਂ ਏਕੜ ਫ਼ਸਲਾਂ ਪਾਣੀ ਹੇਠ ਆ ਗਈਆਂ, ਸੈਂਕੜੇ ਪਿੰਡ ਪ੍ਰਭਾਵਿਤ ਹੋਏ ਅਤੇ ਹਜ਼ਾਰਾਂ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ।

**ਪਟਿਆਲਾ ਕਿਉਂ ਬਣਦਾ ਹੈ ਸਭ ਤੋਂ ਵੱਧ ਸੰਵੇਦਨਸ਼ੀਲ?**

ਪਟਿਆਲਾ ਜ਼ਿਲ੍ਹਾ ਘੱਗਰ ਦਰਿਆ, ਵੱਡੀ ਨਦੀ ਅਤੇ ਕਈ ਡਰੇਨਾਂ ਨਾਲ ਜੁੜਿਆ ਹੋਣ ਕਾਰਨ ਹੜ੍ਹਾਂ ਦੇ ਖ਼ਤਰੇ ਵਾਲੇ ਖੇਤਰਾਂ ਵਿੱਚ ਗਿਣਿਆ ਜਾਂਦਾ ਹੈ। ਜਦੋਂ ਵੀ ਮਾਨਸੂਨ ਦੌਰਾਨ ਭਾਰੀ ਮੀਂਹ ਪੈਂਦਾ ਹੈ ਜਾਂ ਉੱਪਰਲੇ ਇਲਾਕਿਆਂ ਤੋਂ ਪਾਣੀ ਛੱਡਿਆ ਜਾਂਦਾ ਹੈ, ਤਾਂ ਇਸ ਖੇਤਰ ਵਿੱਚ ਹੜ੍ਹ ਦਾ ਖ਼ਤਰਾ ਵਧ ਜਾਂਦਾ ਹੈ। ਇਸੇ ਲਈ ਹਰ ਸਾਲ ਬਰਸਾਤ ਤੋਂ ਪਹਿਲਾਂ ਡਰੇਨਾਂ ਦੀ ਸਫ਼ਾਈ, ਬੰਨ੍ਹਾਂ ਦੀ ਮੁਰੰਮਤ ਅਤੇ ਰਾਹਤ ਪ੍ਰਬੰਧਾਂ 'ਤੇ ਖ਼ਾਸ ਧਿਆਨ ਦਿੱਤਾ ਜਾਂਦਾ ਹੈ।

**-ਛੱਤਰਪਾਲ ਸਿੰਘ**

Shaheedeazamnews.com

ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ: 9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਪੰਥਕ ਸਿਧਾਂਤਾਂ ਦੇ ਪਹਿਰੇਦਾਰ ਸ਼ਹੀਦ ਤੇਜਾ ਸਿੰਘ ਸਮੁੰਦਰੀ

**ਪ੍ਰੋ. ਕਰਮਜੀਤ ਸਿੰਘ**

ਸਿੱਖ ਇਤਿਹਾਸ 'ਚ ਸਰਦਾਰ ਤੇਜਾ ਸਿੰਘ ਸਮੁੰਦਰੀ ਦਾ ਸਥਾਨ ਉਨ੍ਹਾਂ ਮਹਾਨ ਆਗੂਆਂ 'ਚ ਆਉਂਦਾ ਹੈ ਜਿਨ੍ਹਾਂ ਨੇ ਆਪਣੇ ਲਈ ਨਹੀਂ, ਸਗੋਂ ਪੰਥ, ਸੰਸਥਾਵਾਂ ਅਤੇ ਸਿਧਾਂਤਾਂ ਲਈ ਜੀਵਨ ਸਮਰਪਿਤ ਕੀਤਾ। 17 ਜੁਲਾਈ 2026 ਨੂੰ ਉਨ੍ਹਾਂ ਦੀ ਸ਼ਹੀਦੀ ਦੇ 100 ਸਾਲ ਪੂਰੇ ਹੋ ਰਹੇ ਹਨ। ਇਹ ਸਿਰਫ਼ ਇਤਿਹਾਸਕ ਵਰ੍ਹੇਗੰਢ ਨਹੀਂ, ਸਗੋਂ ਇਹ ਸੋਚਣ ਦਾ ਵੇਲਾ ਵੀ ਹੈ ਕਿ ਕੀ ਅਸੀਂ ਉਨ੍ਹਾਂ ਦੇ ਜੀਵਨ ਤੋਂ ਮਿਲਦੇ ਸਬਕ ਨੂੰ ਅਪਣਾਇਆ ਹੈ? ਅੱਜ 'ਤੇਜਾ ਸਿੰਘ ਸਮੁੰਦਰੀ ਹਾਲ' ਸਿਰਫ਼ ਇਮਾਰਤ ਨਹੀਂ, ਉਸ ਆਗੂ ਦੀ ਵਿਰਾਸਤ ਦਾ ਪ੍ਰਤੀਕ ਹੈ ਜਿਸ ਨੇ ਸਾਬਤ ਕੀਤਾ ਕਿ ਸੰਸਥਾਵਾਂ ਵਿਅਕਤੀਆਂ ਨਾਲੋਂ ਵੱਡੀਆਂ ਹੁੰਦੀਆਂ ਹਨ। ਜੇ ਬਾਬਾ ਖੜਕ ਸਿੰਘ ਗੁਰਦੁਆਰਾ ਸੁਧਾਰ ਲਹਿਰ ਦੀ ਆਵਾਜ਼ ਸਨ ਤਾਂ ਸਰਦਾਰ ਤੇਜਾ ਸਿੰਘ ਸਮੁੰਦਰੀ ਉਸ ਲਹਿਰ ਦੇ ਨੈਤਿਕ ਥੰਮ੍ਹ ਅਤੇ ਅਨੁਸ਼ਾਸਿਤ ਰਣਨੀਤੀਕਾਰ ਸਨ। 20 ਫਰਵਰੀ 1882 ਨੂੰ ਬੁਰਜ ਰਾਇ ਕਾ (ਤਰਨ ਤਾਰਨ) ਵਿੱਚ ਜਨਮੇ ਤੇਜਾ ਸਿੰਘ ਸਮੁੰਦਰੀ ਨੇ ਬਰਤਾਨਵੀ ਫੌਜ 'ਚੋਂ ਪ੍ਰਾਪਤ ਅਨੁਸ਼ਾਸਨ ਅਤੇ ਸੰਗਠਨ ਕੌਸ਼ਲ ਨੂੰ ਪੰਥ ਦੀ ਸੇਵਾ ਲਈ ਸਮਰਪਿਤ ਕਰ ਦਿੱਤਾ। ਉਨ੍ਹਾਂ ਦਾ ਮੰਨਣਾ ਸੀ ਕਿ ਕੋਈ ਵੀ ਅੰਦੋਲਨ ਉਦੋਂ ਹੀ ਸਫ਼ਲ ਹੁੰਦਾ ਹੈ ਜਦੋਂ ਉਹ ਨੈਤਿਕਤਾ, ਅਨੁਸ਼ਾਸਨ ਅਤੇ ਗੁਰਮਤਿ ਦੇ ਸਿਧਾਂਤਾਂ 'ਤੇ ਆਧਾਰਿਤ ਹੋਵੇ।

ਗੁਰਦੁਆਰਾ ਸੁਧਾਰ ਲਹਿਰ ਦੇ ਹਰ ਮਹੱਤਵਪੂਰਨ ਪੜਾਅ- ਰਕਾਬ ਗੰਜ, ਚਾਬੀਆਂ ਦਾ ਮੋਰਚਾ, ਗੁਰੂ ਕਾ ਬਾਗ਼, ਜੈਤੋ ਅਤੇ ਨਾਭਾ ਅੰਦੋਲਨ 'ਚ ਉਨ੍ਹਾਂ ਦੀ ਦੂਰਅੰਦੇਸ਼ੀ ਸਪੱਸ਼ਟ ਦਿਖਾਈ ਦਿੰਦੀ ਹੈ। ਰਕਾਬ ਗੰਜ ਦੇ ਮਾਮਲੇ ਨੂੰ ਉਨ੍ਹਾਂ ਨੇ ਸਿੱਖ ਸਵੈ-ਮਾਣ ਅਤੇ ਧਾਰਮਿਕ ਅਧਿਕਾਰਾਂ ਦਾ ਪ੍ਰਸ਼ਨ ਬਣਾਇਆ ਜਦਕਿ 1921 ਦੇ ਚਾਬੀਆਂ ਦੇ ਮੋਰਚੇ ਵਿੱਚ ਉਨ੍ਹਾਂ ਦੀ ਸ਼ਾਂਤਮਈ ਅਤੇ ਅਨੁਸ਼ਾਸਿਤ ਅਗਵਾਈ ਨੇ ਸਰਕਾਰ ਨੂੰ ਚਾਬੀਆਂ ਵਾਪਸ ਕਰਨ ਲਈ ਮਜਬੂਰ ਕੀਤਾ। ਮਹਾਤਮਾ ਗਾਂਧੀ ਨੇ ਇਸ ਨੂੰ ਭਾਰਤੀ ਆਜ਼ਾਦੀ ਅੰਦੋਲਨ ਦੀ ਪਹਿਲੀ ਮਹੱਤਵਪੂਰਨ ਨੈਤਿਕ ਜਿੱਤ ਕਰਾਰ ਦਿੱਤਾ ਸੀ। ਗੁਰੂ ਕਾ ਬਾਗ਼ ਮੋਰਚੇ ਦੌਰਾਨ ਉਨ੍ਹਾਂ ਨੇ ਹਜ਼ਾਰਾਂ ਅਕਾਲੀਆਂ ਨੂੰ ਬ੍ਰਿਟਿਸ਼ ਹਕੂਮਤ ਦੇ ਬੇਤਹਾਸ਼ਾ ਜ਼ੁਲਮ ਦੇ ਬਾਵਜੂਦ ਅਹਿੰਸਕ ਅਤੇ ਅਨੁਸ਼ਾਸਿਤ ਬਣਾਈ ਰੱਖਿਆ। ਜੈਤੋ ਅਤੇ ਨਾਭਾ ਅੰਦੋਲਨਾਂ 'ਚ ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਸਿਧਾਂਤਾਂ ਨਾਲ ਸਮਝੌਤਾ ਕਰਕੇ ਮਿਲੀ ਜਿੱਤ ਅਸਲ ਜਿੱਤ ਨਹੀਂ ਹੁੰਦੀ। 17 ਜੁਲਾਈ 1926 ਨੂੰ ਲਾਹੌਰ ਜੇਲ੍ਹ 'ਚ ਉਨ੍ਹਾਂ ਦੀ ਮੌਤ ਨੂੰ ਸਿੱਖ ਕੌਮ ਨੇ ਸ਼ਹਾਦਤ ਵਜੋਂ ਸਵੀਕਾਰਿਆ ਕਿਉਂਕਿ ਉਨ੍ਹਾਂ ਨੇ ਸਰਕਾਰ ਵੱਲੋਂ ਅਕਾਲੀ ਆਗੂਆਂ ਨੂੰ ਜ਼ਲੀਲ ਕਰਨ ਦੀ ਮਨਸ਼ਾ ਤਹਿਤ ਉਨ੍ਹਾਂ ਦੀ ਰਿਹਾਈ ਤੋਂ ਪਹਿਲਾਂ ਗੁਰਦੁਆਰਾ ਐਕਟ ਨੂੰ ਲਿਖਤੀ ਰੂਪ 'ਚ ਪ੍ਰਵਾਨ ਕਰਨ ਦਾ ਵਾਅਦਾ ਕਰਨ ਤੋਂ ਇਨਕਾਰ ਕਰਕੇ ਜੇਲ੍ਹ ਵਿੱਚ ਰਹਿਣਾ ਬਿਹਤਰ ਸਮਝਿਆ ਸੀ ਅਤੇ ਉੱਥੇ ਹੀ ਸ਼ਹੀਦੀ ਪ੍ਰਾਪਤ ਕੀਤੀ। ਇਸ ਤਰ੍ਹਾਂ ਉਹ ਜ਼ਿੰਦਗੀ ਦੇ ਅੰਤਿਮ ਸੁਆਸ ਤੱਕ ਪੰਥ ਅਤੇ ਸੱਚ ਨੂੰ ਸਮਰਪਿਤ ਰਹੇ। ਉਨ੍ਹਾਂ ਨੇ ਸਿੱਖਿਆ ਨੂੰ ਸਮਾਜਿਕ ਪਰਿਵਰਤਨ ਦਾ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਮੰਨਿਆ। ਖ਼ਾਲਸਾ ਸਕੂਲਾਂ ਦੇ ਵਿਕਾਸ, ਗਿਆਨ ਦੇ ਪ੍ਰਸਾਰ ਅਤੇ ਔਰਤਾਂ ਦੀ ਸਿੱਖਿਆ ਲਈ ਉਨ੍ਹਾਂ ਦੀ ਵਚਨਬੱਧਤਾ ਦਰਸਾਉਂਦੀ ਹੈ ਕਿ ਉਹ ਸਿੱਖਿਆ ਨੂੰ ਕੌਮ ਦੀ ਲੰਮੇ ਸਮੇਂ ਦੀ ਤਾਕਤ ਸਮਝਦੇ ਸਨ। ਉਨ੍ਹਾਂ ਦੀ ਨਿਸ਼ਕਾਮ ਸੇਵਾ ਦਾ ਸਭ ਤੋਂ ਉੱਚਾ ਉਦਾਹਰਣ ਉਹ ਸੀ ਜਦੋਂ ਗੁਰਦੁਆਰਾ ਸੁਧਾਰ ਲਹਿਰ ਦੀ ਕਾਨੂੰਨੀ ਲੜਾਈ ਲਈ ਉਨ੍ਹਾਂ ਨੇ ਆਪਣੀ ਜ਼ਮੀਨ ਗਿਰਵੀ ਰੱਖ ਕੇ ਆਰਥਿਕ ਸਹਾਇਤਾ ਦਿੱਤੀ ਅਤੇ ਬਾਅਦ ਵਿੱਚ ਉਹ ਰਕਮ ਵਾਪਸ ਲੈਣ ਤੋਂ ਵੀ ਇਨਕਾਰ ਕਰ ਦਿੱਤਾ। ਇਸ ਨਾਲ ਉਨ੍ਹਾਂ ਨੇ ਸਾਬਤ ਕੀਤਾ ਕਿ ਸੱਚੀ ਸੇਵਾ ਦਾ ਆਧਾਰ ਤਿਆਗ ਹੁੰਦਾ ਹੈ, ਨਾ ਕਿ ਪ੍ਰਸਿੱਧੀ। 1923 ਵਿੱਚ ਸ੍ਰੀ ਹਰਿਮੰਦਰ ਸਾਹਿਬ ਦੀ ਕਾਰ ਸੇਵਾ ਲਈ ਉਨ੍ਹਾਂ ਨੂੰ ਪੰਜ ਪਿਆਰਿਆਂ 'ਚ ਸ਼ਾਮਲ ਕੀਤਾ ਜਾਣਾ ਉਨ੍ਹਾਂ ਦੇ ਚਰਿੱਤਰ ਪ੍ਰਤੀ ਪੰਥ ਦੇ ਵਿਸ਼ਵਾਸ ਦੀ ਮੋਹਰ ਸੀ। ਇਤਿਹਾਸ ਕੁਝ ਵਿਅਕਤੀਆਂ ਨੂੰ ਉਨ੍ਹਾਂ ਦੇ ਅਹੁਦਿਆਂ ਜਾਂ ਉਪਲਬਧੀਆਂ ਕਰਕੇ ਨਹੀਂ, ਸਗੋਂ ਉਨ੍ਹਾਂ ਦੇ ਚਰਿੱਤਰ ਅਤੇ ਆਦਰਸ਼ਾਂ ਕਰਕੇ ਯਾਦ ਰੱਖਦਾ ਹੈ। ਸਰਦਾਰ ਤੇਜਾ ਸਿੰਘ ਸਮੁੰਦਰੀ ਅਜਿਹੇ ਹੀ ਇੱਕ ਮਹਾਨ ਆਗੂ ਸਨ, ਜਿਨ੍ਹਾਂ ਦਾ ਜੀਵਨ ਇੱਕ ਸਦੀ ਬਾਅਦ ਵੀ ਪੰਜਾਬ ਅਤੇ ਸਿੱਖ ਕੌਮ ਲਈ ਪ੍ਰੇਰਣਾ ਦਾ ਸਰੋਤ ਬਣਿਆ ਹੋਇਆ ਹੈ।



ਗੁਰਦੁਆਰਾ ਸੁਧਾਰ ਲਹਿਰ ਸਿਰਫ਼ ਧਾਰਮਿਕ ਪ੍ਰਬੰਧ ਦੇ ਸੁਧਾਰ ਦੀ ਲਹਿਰ ਨਹੀਂ ਸੀ, ਇਹ ਲੋਕ ਭਾਗੀਦਾਰੀ, ਸਿਧਾਂਤਕ ਅਗਵਾਈ, ਸੰਸਥਾ ਨਿਰਮਾਣ ਅਤੇ ਪੰਥਕ ਅਧਿਕਾਰਾਂ ਦੀ ਲੜਾਈ ਸੀ। ਇਸ ਲਹਿਰ ਵਿੱਚ ਸਰਦਾਰ ਤੇਜਾ ਸਿੰਘ ਸਮੁੰਦਰੀ ਨੇ ਜੋ ਭੂਮਿਕਾ ਨਿਭਾਈ, ਉਸ ਦੀ ਵਿਸ਼ੇਸ਼ਤਾ ਇਹ ਸੀ ਕਿ ਉਨ੍ਹਾਂ ਨੇ ਕਦੇ ਵੀ ਆਪਣੇ ਆਪ ਨੂੰ ਕੇਂਦਰ ਵਿੱਚ ਨਹੀਂ ਰੱਖਿਆ। ਉਨ੍ਹਾਂ ਲਈ ਵਿਅਕਤੀ ਨਹੀਂ, ਸੰਸਥਾ ਮਹੱਤਵਪੂਰਨ ਸੀ; ਅਹੁਦਾ ਨਹੀਂ, ਸਿਧਾਂਤ ਵੱਡੇ ਸਨ ਅਤੇ ਨਿੱਜੀ ਪ੍ਰਸਿੱਧੀ ਨਹੀਂ, ਪੰਥ ਅਤੇ ਸਮਾਜ ਦਾ ਹਿੱਤ ਪਹਿਲਾਂ ਸੀ। ਉਹ ਮੰਨਦੇ ਸਨ ਕਿ ਕੌਮਾਂ ਦੀ ਸਥਾਈ ਤਾਕਤ ਮਜ਼ਬੂਤ ਸੰਸਥਾਵਾਂ 'ਚ ਹੁੰਦੀ ਹੈ। ਇਸੇ ਲਈ ਉਨ੍ਹਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ। ਅੱਜ ਪੰਜਾਬ ਦੀ ਸਭ ਤੋਂ ਵੱਡੀ ਲੋੜ ਵੀ ਇਹੀ ਹੈ। ਸਾਡੀਆਂ ਬਹੁਤ ਸਾਰੀਆਂ ਜਨਤਕ ਸੰਸਥਾਵਾਂ ਵਿਅਕਤੀ ਕੇਂਦਰਿਤ ਹੋ ਰਹੀਆਂ ਹਨ। ਜਦੋਂ ਸੰਸਥਾਵਾਂ ਦੀ ਪਛਾਣ ਕਿਸੇ ਇੱਕ ਚਿਹਰੇ ਨਾਲ ਜੁੜ ਜਾਂਦੀ ਹੈ ਤਾਂ ਉਨ੍ਹਾਂ ਦੀ ਸੁਤੰਤਰਤਾ ਅਤੇ ਭਰੋਸੇਯੋਗਤਾ ਕਮਜ਼ੋਰ ਹੋਣ ਲੱਗਦੀ ਹੈ। ਤੇਜਾ ਸਿੰਘ ਸਮੁੰਦਰੀ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਮਜ਼ਬੂਤ ਸਮਾਜ ਉਹ ਨਹੀਂ ਹੁੰਦਾ ਜਿੱਥੇ ਮਹਾਨ ਵਿਅਕਤੀ ਹੋਣ, ਸਗੋਂ ਉਹ ਹੁੰਦਾ ਹੈ ਜਿੱਥੇ ਮਜ਼ਬੂਤ ਸੰਸਥਾਵਾਂ ਹੋਣ। ਵਿਅਕਤੀ ਬਦਲਦੇ ਹਨ, ਪਰ ਸੰਸਥਾਵਾਂ ਹੀ ਸਮਾਜ ਦੀ ਨਿਰੰਤਰਤਾ ਨੂੰ ਯਕੀਨੀ ਬਣਾਉਂਦੀਆਂ ਹਨ। ਉਨ੍ਹਾਂ ਦੇ ਜੀਵਨ ਦਾ ਦੂਜਾ ਮਹੱਤਵਪੂਰਨ ਸੰਦੇਸ਼ ਨੈਤਿਕ ਰਹਿਬਰੀ ਜਾਂ ਮੁੱਲ ਆਧਾਰਿਤ ਅਗਵਾਈ ਨਾਲ ਸੰਬੰਧਿਤ ਹੈ। ਅੱਜ ਅਗਵਾਈ ਕਰਨ ਵਾਲੇ ਆਗੂ ਦੀ ਸਫ਼ਲਤਾ ਨੂੰ ਅਕਸਰ ਸੱਤਾ ਪ੍ਰਾਪਤੀ, ਪ੍ਰਚਾਰ ਅਤੇ ਪ੍ਰਭਾਵ ਨਾਲ ਮਾਪਿਆ ਜਾਂਦਾ ਹੈ। ਪਰ ਇਤਿਹਾਸ ਦੱਸਦਾ ਹੈ ਕਿ ਟਿਕਾਊ ਤੇ ਮਿਸਾਲੀ ਰਹਿਬਰੀ ਦੀ ਨੀਂਹ ਚਰਿੱਤਰ, ਸੱਚਾਈ ਅਤੇ ਲੋਕ ਭਰੋਸੇ 'ਤੇ ਟਿਕੀ ਹੁੰਦੀ ਹੈ। ਸਰਦਾਰ ਤੇਜਾ ਸਿੰਘ ਸਮੁੰਦਰੀ ਲੋਕਾਂ ਦੇ ਦਿਲਾਂ ਵਿੱਚ ਇਸ ਲਈ ਵਸੇ ਕਿਉਂਕਿ ਉਨ੍ਹਾਂ ਨੇ ਓਹੀ ਜੀਵਨ ਜੀਵਿਆ ਜਿਸ ਦੀ ਉਹ ਗੱਲ ਕਰਦੇ ਸਨ। ਉਨ੍ਹਾਂ ਨੇ ਖ਼ਾਲਸਾ ਸਕੂਲਾਂ ਦੇ ਵਿਕਾਸ, ਔਰਤਾਂ ਦੀ ਸਿੱਖਿਆ ਅਤੇ ਗਿਆਨ ਦੇ ਪ੍ਰਸਾਰ ਨੂੰ ਪੰਥਕ ਸੇਵਾ ਦਾ ਅਟੁੱਟ ਹਿੱਸਾ ਮੰਨਿਆ। ਅੱਜ ਜਦੋਂ ਪੰਜਾਬ ਸਿੱਖਿਆ, ਹੁਨਰ ਅਤੇ ਨੌਜਵਾਨਾਂ ਦੇ ਭਵਿੱਖ ਵਰਗੀਆਂ ਚੁਣੌਤੀਆਂ ਨਾਲ ਜੂਝ ਰਿਹਾ ਹੈ, ਤੇਜਾ ਸਿੰਘ ਸਮੁੰਦਰੀ ਦਾ ਇਹ ਸੰਦੇਸ਼ ਹੋਰ ਵੀ ਅਹਿਮ ਬਣ ਜਾਂਦਾ ਹੈ ਕਿ ਸਿੱਖਿਆ ਹੀ ਸਮਾਜ ਦੀ ਸਭ ਤੋਂ ਵੱਡੀ ਪੂੰਜੀ ਹੈ।

ਉਨ੍ਹਾਂ ਦੇ ਜੀਵਨ ਦਾ ਇੱਕ ਹੋਰ ਪੱਖ ਸਮਾਜਿਕ ਨਿਆਂ ਹੈ। ਦਲਿਤਾਂ ਅਤੇ ਵੰਚਿਤ ਵਰਗਾਂ ਲਈ ਉਨ੍ਹਾਂ ਦੀ ਵਚਨਬੱਧਤਾ ਸਿਰਫ਼ ਸਮਾਜਿਕ ਸੁਧਾਰ ਨਹੀਂ ਸੀ; ਸਗੋਂ ਇਹ ਗੁਰਮਤਿ ਦੇ 'ਸਰਬੱਤ ਦੇ ਭਲੇ' ਦੇ ਸਿਧਾਂਤ ਦਾ ਵਿਹਾਰਕ ਰੂਪ ਸੀ। ਉਹ ਜਾਣਦੇ ਸਨ ਕਿ ਕਿਸੇ ਵੀ ਸਮਾਜ ਦੀ ਤਰੱਕੀ ਦਾ ਮਾਪਦੰਡ ਉਸ ਦੇ ਸਭ ਤੋਂ ਕਮਜ਼ੋਰ ਵਰਗ ਦੀ ਸਥਿਤੀ ਹੁੰਦੀ ਹੈ। ਅੱਜ ਜਦੋਂ ਬਰਾਬਰੀ, ਸਮਾਜਿਕ ਨਿਆਂ ਅਤੇ ਸਮਾਵੇਸ਼ੀ ਵਿਕਾਸ ਦੀ ਗੱਲ ਹੁੰਦੀ ਹੈ, ਤਾਂ ਉਨ੍ਹਾਂ ਦਾ ਜੀਵਨ ਸਾਨੂੰ ਯਾਦ ਦਿਵਾਉਂਦਾ ਹੈ ਕਿ ਵਿਕਾਸ ਦਾ ਸਫ਼ਰ ਸਭ ਤੋਂ ਪਿੱਛੇ ਖੜ੍ਹੇ ਵਿਅਕਤੀ ਤੋਂ ਸ਼ੁਰੂ ਹੋਣਾ ਚਾਹੀਦਾ ਹੈ। ਸੇਵਾ ਬਾਰੇ ਉਨ੍ਹਾਂ ਦੀ ਸੋਚ ਵੀ ਵਿਲੱਖਣ ਸੀ ਪਰ ਅੱਜ ਸੇਵਾ ਵਰਗੇ ਪਵਿੱਤਰ ਆਦਰਸ਼ ਨੂੰ ਵੀ ਪ੍ਰਚਾਰ ਅਤੇ ਅਕਸ ਉਸਾਰੀ ਦੇ ਸਾਧਨ ਵਜੋਂ ਵਰਤਣ ਤੋਂ ਗੁਰੇਜ਼ ਨਹੀਂ ਕੀਤਾ ਜਾਂਦਾ, ਉਸ ਸਮੇਂ ਉਨ੍ਹਾਂ ਦਾ ਜੀਵਨ ਯਾਦ ਦਿਵਾਉਂਦਾ ਹੈ ਕਿ ਸੱਚੀ ਸੇਵਾ ਇਸ਼ਤਿਹਾਰਬਾਜ਼ੀ ਤੋਂ ਕੋਹਾਂ ਦੂਰ ਰਹਿੰਦੀ ਹੈ। ਸੇਵਾ ਦਾ ਸਭ ਤੋਂ ਵੱਡਾ ਆਦਰਸ਼ ਲੋਕਾਂ ਦਾ ਵਿਸ਼ਵਾਸ ਅਤੇ ਸਮਾਜ ਦਾ ਭਲਾ ਹੁੰਦਾ ਹੈ। ਸਰਦਾਰ ਤੇਜਾ ਸਿੰਘ ਸਮੁੰਦਰੀ ਨੇ ਕਦੇ ਨਿੱਜੀ ਲਾਭ ਲਈ ਆਪਣੇ ਆਦਰਸ਼ਾਂ ਨਾਲ ਸਮਝੌਤਾ ਨਹੀਂ ਕੀਤਾ। ਇਹੀ ਕਾਰਨ ਹੈ ਕਿ ਉਨ੍ਹਾਂ ਦੀ ਮੌਤ ਨੂੰ ਅੱਜ ਵੀ ਸ਼ਹਾਦਤ ਵਜੋਂ ਯਾਦ ਕੀਤਾ ਜਾਂਦਾ ਹੈ। ਇਤਿਹਾਸ ਵਿੱਚ ਉਹ ਵਿਅਕਤੀ ਹੀ ਆਪਣੀ ਸਦੀਵੀ ਪਛਾਣ ਬਣਾਉਣ ਵਿੱਚ ਕਾਮਯਾਬ ਹੁੰਦੇ ਹਨ ਜੋ ਸੱਚ ਅਤੇ ਸਿਧਾਂਤਾਂ ਲਈ ਹਰ ਕੀਮਤ ਚੁਕਾਉਣ ਨੂੰ ਤਿਆਰ ਰਹਿੰਦੇ ਹਨ। ਮਹਾਤਮਾ ਗਾਂਧੀ ਨੇ ਚਾਬੀਆਂ ਦੇ ਮੋਰਚੇ ਦੀ ਜਿੱਤ ਨੂੰ ਭਾਰਤੀ ਆਜ਼ਾਦੀ ਅੰਦੋਲਨ ਦੀ ਪਹਿਲੀ ਮਹੱਤਵਪੂਰਨ ਨੈਤਿਕ ਜਿੱਤ ਦੱਸਿਆ ਸੀ। ਉਨ੍ਹਾਂ ਕਿਹਾ ਸੀ ਕਿ ਇਸ ਨੇ ਸਾਬਤ ਕੀਤਾ ਕਿ ਸੱਚ, ਅਨੁਸ਼ਾਸਨ ਅਤੇ ਲੋਕ ਸ਼ਕਤੀ ਦੇ ਸਾਹਮਣੇ ਸਾਮਰਾਜੀ ਤਾਕਤ ਵੀ ਝੁਕਦੀ ਹੈ। ਮਾਸਟਰ ਤਾਰਾ ਸਿੰਘ ਨੇ ਤੇਜਾ ਸਿੰਘ ਸਮੁੰਦਰੀ ਦੇ ਚਰਿੱਤਰ ਅਤੇ ਅਨੁਸ਼ਾਸਨ ਨੂੰ ਗੁਰਦੁਆਰਾ ਸੁਧਾਰ ਲਹਿਰ ਦੀ ਸਭ ਤੋਂ ਵੱਡੀ ਤਾਕਤ ਕਰਾਰ ਦਿੱਤਾ। ਪ੍ਰੋ. ਗੰਡਾ ਸਿੰਘ, ਡਾ. ਹਰਬੰਸ ਸਿੰਘ ਅਤੇ ਖੁਸ਼ਵੰਤ ਸਿੰਘ ਵਰਗੇ ਇਤਿਹਾਸਕਾਰਾਂ ਨੇ ਵੀ ਉਨ੍ਹਾਂ ਨੂੰ ਗੁਰਦੁਆਰਾ ਸੁਧਾਰ ਲਹਿਰ ਅਤੇ ਪੰਥਕ ਸੰਸਥਾਵਾਂ ਦੇ ਮਹੱਤਵਪੂਰਨ ਨਿਰਮਾਤਾਵਾਂ ਵਿੱਚ ਗਿਣਿਆ ਹੈ। ਐੱਸ ਜੀ ਪੀ ਸੀ ਦੇ ਰਿਕਾਰਡ ਅਤੇ ਸਮਕਾਲੀ ਦਸਤਾਵੇਜ਼ ਵੀ ਇਸ ਗੱਲ ਦੀ ਗਵਾਹੀ ਭਰਦੇ ਹਨ ਕਿ ਉਹ ਸਿਰਫ਼ ਸੰਘਰਸ਼ ਦੇ ਆਗੂ ਨਹੀਂ ਸਨ, ਸਗੋਂ ਸੰਸਥਾ ਨਿਰਮਾਣ ਦੇ ਦੂਰਅੰਦੇਸ਼ ਸ਼ਿਲਪਕਾਰ ਵੀ ਸਨ। ਸਵਾਲ ਇਹ ਨਹੀਂ ਕਿ ਅਸੀਂ ਸਰਦਾਰ ਤੇਜਾ ਸਿੰਘ ਸਮੁੰਦਰੀ ਨੂੰ ਕਿਵੇਂ ਯਾਦ ਕਰਦੇ ਹਾਂ। ਅਸਲ ਸਵਾਲ ਇਹ ਹੈ ਕਿ ਕੀ ਅਸੀਂ ਉਨ੍ਹਾਂ ਦੇ ਆਦਰਸ਼ਾਂ ਨੂੰ ਆਪਣੇ ਜਨਤਕ ਜੀਵਨ ਵਿੱਚ ਥਾਂ ਦਿੰਦੇ ਹਾਂ? ਕੀ ਸਾਡੀਆਂ ਸੰਸਥਾਵਾਂ ਵਿਅਕਤੀਆਂ ਤੋਂ ਉੱਪਰ ਹਨ? ਕੀ ਸਾਡਾ ਰਾਜਨੀਤਕ ਢਾਂਚਾ ਨੈਤਿਕਤਾ 'ਤੇ ਆਧਾਰਿਤ ਹੈ? ਕੀ ਸਿੱਖਿਆ ਅਤੇ ਸਮਾਜਿਕ ਨਿਆਂ ਸਾਡੀਆਂ ਤਰਜੀਹਾਂ ਹਨ? ਅਤੇ ਕੀ ਸੇਵਾ ਅਜੇ ਵੀ ਨਿਸ਼ਕਾਮ ਭਾਵਨਾ ਨਾਲ ਕੀਤੀ ਜਾਂਦੀ ਹੈ?

ਉਨ੍ਹਾਂ ਦੀ 100ਵੀਂ ਸ਼ਹੀਦੀ ਵਰ੍ਹੇਗੰਢ 'ਤੇ ਸੱਚੀ ਸ਼ਰਧਾਂਜਲੀ ਸਮਾਰਕ ਬਣਾਉਣ ਜਾਂ ਸਮਾਗਮ ਕਰਨ ਨਾਲ ਨਹੀਂ, ਸਗੋਂ ਉਨ੍ਹਾਂ ਦੇ ਜੀਵਨ ਸੰਦੇਸ਼ ਨੂੰ ਅਮਲ 'ਚ ਲਿਆਉਣ ਨਾਲ ਹੋਵੇਗੀ। ਜੇ ਪੰਜਾਬ ਨੂੰ ਇੱਕ ਮਜ਼ਬੂਤ, ਨਿਆਂਪੂਰਨ ਅਤੇ ਆਤਮ-ਵਿਸ਼ਵਾਸੀ ਸਮਾਜ ਬਣਾਉਣਾ ਹੈ, ਤਾਂ ਸਾਨੂੰ ਸੱਤਾ ਨਾਲੋਂ ਸਿਧਾਂਤਾਂ, ਵਿਅਕਤੀਆਂ ਨਾਲੋਂ ਸੰਸਥਾਵਾਂ, ਪ੍ਰਚਾਰ ਨਾਲੋਂ ਸੇਵਾ ਅਤੇ ਅਹੁਦਿਆਂ ਨਾਲੋਂ ਚਰਿੱਤਰ ਨੂੰ ਵੱਧ ਮਹੱਤਵ ਦੇਣਾ ਹੋਵੇਗਾ।

ਇੱਕ ਸਦੀ ਬਾਅਦ ਵੀ ਸਰਦਾਰ ਤੇਜਾ ਸਿੰਘ ਸਮੁੰਦਰੀ ਦਾ ਜੀਵਨ ਸਾਨੂੰ ਇਹੀ ਸਿਖਾਉਂਦਾ ਹੈ ਕਿ ਕੌਮਾਂ ਦੀ ਅਸਲ ਤਾਕਤ ਨਾ ਧਨ ਵਿੱਚ ਹੁੰਦੀ ਹੈ, ਨਾ ਸੱਤਾ ਵਿੱਚ; ਉਹ ਉਨ੍ਹਾਂ ਦੇ ਚਰਿੱਤਰ, ਉਨ੍ਹਾਂ ਦੀਆਂ ਸੰਸਥਾਵਾਂ ਅਤੇ ਉਨ੍ਹਾਂ ਦੇ ਨੈਤਿਕ ਅਗਵਾਈ ਵਿੱਚ ਹੁੰਦੀ ਹੈ। ਇਹੀ ਉਨ੍ਹਾਂ ਦੀ ਸਭ ਤੋਂ ਵੱਡੀ ਵਿਰਾਸਤ ਹੈ ਅਤੇ ਇਹੀ ਅੱਜ ਦੇ ਪੰਜਾਬ ਲਈ ਸਭ ਤੋਂ ਵੱਡਾ ਸੰਦੇਸ਼ ਹੈ।

*** ਉਪ ਕੁਲਪਤੀ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ।**

## ਹਾਰ ਜਾਂ ਫੇਲ ਹੋਣ ਦਾ ਡਰ ਮਨ 'ਚੋਂ ਕੱਢਕੇ ਲਗਾਤਾਰ ਮਿਹਨਤ ਕਰਨ ਵਿਦਿਆਰਥੀ: ਡਾ. ਹਿਮਾਂਸ਼ੂ ਅਗਰਵਾਲ



**ਪਟਿਆਲਾ, 16 ਜੁਲਾਈ**
**-ਛਤਰਪਾਲ ਸਿੰਘ-**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਵਿਦਿਆਰਥੀਆਂ ਨੂੰ ਕਿਸੇ ਵੀ ਟੀਚੇ ਦੀ ਪ੍ਰਾਪਤੀ ਲਈ ਆਪਣੇ ਗਿਆਨ 'ਚ ਲਗਾਤਾਰ ਵਾਧਾ ਕਰਦੇ ਰਹਿਣ ਸਮੇਤ ਹਾਰ ਜਾਂ ਫੇਲ ਹੋਣ ਦੇ ਡਰ ਨੂੰ ਮਨ 'ਚੋਂ ਕੱਢਕੇ ਲਗਾਤਾਰ ਮਿਹਨਤ ਜਾਰੀ ਰੱਖਣ ਦਾ ਸੱਦਾ ਦਿੱਤਾ ਹੈ। ਡਿਪਟੀ ਕਮਿਸ਼ਨਰ, ਜ਼ਿਲ੍ਹਾ ਪ੍ਰਸ਼ਾਸਨ ਦੀ ਨਿਵੇਕਲੀ ਪਹਿਲ 'ਚੇਤਨਾ ਪ੍ਰੋਜੈਕਟ' ਤਹਿਤ ਸਰਕਾਰੀ ਦਫ਼ਤਰਾਂ ਦਾ ਦੌਰਾ ਕਰਨ ਪੁੱਜੇ ਸਰਕਾਰੀ ਸਿਵਲ ਲਾਈਨਜ਼ ਸਮਾਰਟ ਸਕੂਲ ਦੇ 11ਵੀਂ ਜਮਾਤ ਦੇ ਵਿਦਿਆਰਥੀਆਂ ਨਾਲ ਗੱਲਬਾਤ ਕਰ ਰਹੇ ਸਨ।

ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜਿੱਤਣ ਲਈ ਤਾਂ ਹਰ ਕੋਈ ਮਿਹਨਤ ਕਰਦਾ ਹੀ ਹੈ ਪਰੰਤੂ ਹਾਰ ਨੂੰ ਸਹਿਣ ਕਰਨ ਦੀ ਜਾਚ ਤੇ ਸ਼ਕਤੀ ਵੀ ਸਾਡੇ ਵਿੱਚ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀ ਕਦੇ ਵੀ ਹਾਰ ਤੋਂ ਘਬਰਾਅ ਕੇ ਮਿਹਨਤ ਬੰਦ ਨਾ ਕਰਨ, ਜਿਸ ਨਾਲ ਮਿੱਥੀ ਮੰਜ਼ਿਲ ਭਾਵੇਂ ਨਾ ਮਿਲ ਸਕੇ ਪਰੰਤੂ ਉਹ ਇੱਕ ਚੰਗੇ ਇਨਸਾਨ ਜ਼ਰੂਰ ਬਣ ਜਾਣਗੇ।

ਜ਼ਿੰਦਗੀ 'ਚ ਅੱਗੇ ਵਧਣ ਸਮੇਤ ਮੁਕਾਬਲੇ ਦੇ ਇਮਤਿਹਾਨ ਪਾਸ ਕਰਨ ਲਈ ਵਿਦਿਆਰਥੀਆਂ ਵੱਲੋਂ ਪੁੱਛੇ ਸਵਾਲਾਂ ਦੇ ਜਵਾਬ 'ਚ ਡਿਪਟੀ ਕਮਿਸ਼ਨਰ ਨੇ ਬੱਚਿਆਂ ਨੂੰ ਸੱਦਾ ਦਿੱਤਾ ਕਿ ਉਹ ਆਪਣੇ ਮਾਪਿਆਂ ਤੇ ਅਧਿਆਪਕਾਂ ਨੂੰ ਆਪਣੇ ਰੋਲ ਮਾਡਲ ਬਣਾਉਣ ਸਮੇਤ ਸਹੀ ਤੇ ਗ਼ਲਤ ਦੀ ਪਛਾਣ ਜ਼ਰੂਰ ਕਰਨ।

## ਓ.ਐਸ.ਡੀ. ਸੁਖਵੀਰ ਸਿੰਘ ਨੇ ਮੁੱਖ ਮੰਤਰੀ ਸਹਾਇਤਾ ਕੇਂਦਰ, ਧੂਰੀ ਵਿਖੇ ਸੁਣੀਆਂ ਲੋਕਾਂ ਦੀਆਂ ਮੁਸ਼ਕਲਾਂ

**ਧੂਰੀ, 16 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਸਹਾਇਤਾ ਕੇਂਦਰ, ਧੂਰੀ ਵਿਖੇ ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ। ਇਸ ਮੌਕੇ ਉਨ੍ਹਾਂ ਮਾਲ, ਪੇਂਡੂ ਵਿਕਾਸ, ਨਗਰ ਕੌਂਸਲ, ਬਿਜਲੀ, ਪਾਣੀ ਸਪਲਾਈ, ਸਮਾਜਿਕ ਸੁਰੱਖਿਆ ਅਤੇ ਹੋਰ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਮਾਮਲਿਆਂ ਦਾ ਵਿਸਥਾਰ ਨਾਲ ਜਾਇਜ਼ਾ ਲੈਂਦਿਆਂ ਸਬੰਧਤ ਅਧਿਕਾਰੀਆਂ ਨੂੰ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ, ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਨਿਪਟਾਰਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਜਵਾਬਦੇਹ, ਪਾਰਦਰਸ਼ੀ ਅਤੇ ਭ੍ਰਿਸ਼ਟਾਚਾਰ-ਮੁਕਤ ਪ੍ਰਸ਼ਾਸਨ ਮੁਹੱਈਆ ਕਰਵਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਹਾਇਤਾ ਕੇਂਦਰਾਂ ਦੀ ਸਥਾਪਨਾ ਦਾ ਮਕਸਦ ਆਮ ਲੋਕਾਂ ਨੂੰ ਇੱਕੋ ਛੱਤ ਹੇਠ ਆਪਣੀਆਂ ਸਮੱਸਿਆਵਾਂ ਰੱਖਣ ਦਾ ਮੌਕਾ ਦੇਣਾ ਅਤੇ ਉਨ੍ਹਾਂ ਦਾ ਨਿਰਧਾਰਤ ਸਮੇਂ ਅੰਦਰ ਹੱਲ ਯਕੀਨੀ ਬਣਾਉਣਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਸਪੱਸ਼ਟ ਹਦਾਇਤ ਹੈ ਕਿ ਕਿਸੇ ਵੀ ਨਾਗਰਿਕ ਨੂੰ ਆਪਣੀ ਸਮੱਸਿਆ ਦੇ ਹੱਲ ਲਈ ਸਰਕਾਰੀ ਦਫ਼ਤਰਾਂ ਦੇ ਵਾਰ-ਵਾਰ ਚੱਕਰ ਨਾ ਕੱਟਣੇ ਪੈਣ। ਇਸ ਲਈ ਹਰੇਕ ਅਧਿਕਾਰੀ ਦੀ ਜ਼ਿੰਮੇਵਾਰੀ ਹੈ ਕਿ ਉਹ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਪੂਰੀ ਗੰਭੀਰਤਾ ਨਾਲ ਸੁਣੇ ਅਤੇ ਨਿਰਧਾਰਤ ਸਮਾਂ-ਸੀਮਾ ਅੰਦਰ ਉਨ੍ਹਾਂ ਦਾ ਨਿਪਟਾਰਾ ਕਰੇ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਮੇਂ ਸਿਰ ਇਨਸਾਫ਼ ਅਤੇ ਸਰਕਾਰੀ ਸੇਵਾਵਾਂ ਪ੍ਰਦਾਨ ਕਰਨਾ ਹੀ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ।

ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਧੂਰੀ ਵਿਧਾਨ ਸਭਾ ਹਲਕੇ ਦੇ ਹਰ ਵਸਨੀਕ ਦੀ ਸਮੱਸਿਆ ਦਾ ਹੱਲ ਕਰਵਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖੁਦ ਨਿਰੰਤਰ ਨਿਗਰਾਨੀ ਕਰ ਰਹੇ ਹਨ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਹਾਇਤਾ ਕੇਂਦਰ ਰਾਹੀਂ ਪ੍ਰਾਪਤ ਹੋਣ ਵਾਲੀ ਹਰ ਸ਼ਿਕਾਇਤ ਦੀ ਨਿਯਮਤ ਸਮੀਖਿਆ ਕੀਤੀ ਜਾਂਦੀ ਹੈ ਤਾਂ ਜੋ ਲੋਕਾਂ ਨੂੰ ਤੇਜ਼, ਪ੍ਰਭਾਵਸ਼ਾਲੀ ਅਤੇ ਸੰਤੁਸ਼ਟੀਜਨਕ ਸੇਵਾਵਾਂ ਮਿਲ ਸਕਣ।

## ਪ੍ਰਸਿੱਧ ਅਮਰੀਕੀ ਅਟਾਰਨੀ ਗਿੱਲ ਵੱਲੋਂ 100 ਹੋਣਹਾਰ ਖਿਡਾਰੀਆਂ ਲਈ ਸਾਲਾਨਾ 50 ਲੱਖ ਰੁਪਏ ਦੀ ਡਾਈਟ ਸਹਾਇਤਾ ਦਾ ਐਲਾਨ

**ਪਟਿਆਲਾ, 16 ਜੁਲਾਈ**
**-ਬਲਜੀਤ ਸਰਨਾ-**

ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਖਿਡਾਰੀਆਂ ਨੂੰ ਉੱਚ ਪੱਧਰੀ ਖੇਡ ਪ੍ਰਦਰਸ਼ਨ ਲਈ ਉਤਸ਼ਾਹਿਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪਹਿਲਕਦਮੀ ਕਰਦਿਆਂ ਅਮਰੀਕਾ ਦੇ ਪ੍ਰਸਿੱਧ ਅਟਾਰਨੀ-ਐਟ-ਲਾਅ ਸ. ਜਸਪ੍ਰੀਤ ਸਿੰਘ ਗਿੱਲ ਨੇ ਯੂਨੀਵਰਸਿਟੀ ਵਿੱਚ ਦਾਖਲਾ ਲੈਣ ਵਾਲੇ 100 ਹੋਣਹਾਰ ਖਿਡਾਰੀਆਂ ਲਈ ਸਾਲਾਨਾ 50 ਲੱਖ ਰੁਪਏ ਦੀ ਡਾਈਟ ਸਹਾਇਤਾ ਦੇਣ ਦਾ ਐਲਾਨ ਕੀਤਾ ਹੈ। ਸ. ਜਸਪ੍ਰੀਤ ਸਿੰਘ ਗਿੱਲ ਨੇ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਦੇ ਪਟਿਆਲਾ ਕੈਂਪਸ ਦਾ ਦੌਰਾ ਕੀਤਾ, ਜਿੱਥੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸ. ਗਿੱਲ ਨੇ ਯੂਨੀਵਰਸਿਟੀ ਦੇ ਕੈਂਪਸ, ਖੇਡ ਸਹੂਲਤਾਂ, ਅਕਾਦਮਿਕ ਢਾਂਚੇ ਅਤੇ ਖਿਡਾਰੀਆਂ ਲਈ ਸਿਰਜੇ ਜਾ ਰਹੇ ਮਾਹੌਲ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨੇ ਯੂਨੀਵਰਸਿਟੀ ਵੱਲੋਂ ਖੇਡਾਂ ਅਤੇ ਖੇਡ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕੀਤੀ।



ਯੂਨੀਵਰਸਿਟੀ ਦੀ ਕਾਰਜਸ਼ੈਲੀ ਅਤੇ ਭਵਿੱਖੀ ਯੋਜਨਾਵਾਂ ਤੋਂ ਪ੍ਰਭਾਵਿਤ ਹੋ ਕੇ ਸ. ਜਸਪ੍ਰੀਤ ਸਿੰਘ ਗਿੱਲ ਨੇ ਐਲਾਨ ਕੀਤਾ ਕਿ ਯੂਨੀਵਰਸਿਟੀ ਵਿੱਚ ਦਾਖਲਾ ਲੈ ਕੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਪ੍ਰਦਰਸ਼ਨ ਕਰਨ ਦੀ ਸਮਰੱਥਾ ਰੱਖਣ ਵਾਲੇ 100 ਚੋਣਵੇਂ ਖਿਡਾਰੀਆਂ ਦੀ ਡਾਈਟ ਲਈ ਉਹ ਹਰ ਸਾਲ ਕੁੱਲ 50 ਲੱਖ ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕਰਨਗੇ। ਇਸ ਤੋਂ ਇਲਾਵਾ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਵਿਸ਼ੇਸ਼ ਪ੍ਰਾਪਤੀਆਂ ਕਰਨ ਵਾਲੇ ਖਿਡਾਰੀਆਂ ਨੂੰ ਉਨ੍ਹਾਂ ਦੀਆਂ ਉਪਲਬਧੀਆਂ ਲਈ ਵੱਖਰੇ ਤੌਰ 'ਤੇ ਸਨਮਾਨਿਤ ਅਤੇ ਉਤਸ਼ਾਹਿਤ ਵੀ ਕੀਤਾ ਜਾਵੇਗਾ।

ਵਾਈਸ ਚਾਂਸਲਰ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਇਸ ਮਹੱਤਵਪੂਰਨ ਪਹਿਲਕਦਮੀ ਲਈ ਸ. ਜਸਪ੍ਰੀਤ ਸਿੰਘ ਗਿੱਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਖੇਡ ਪ੍ਰਤਿਭਾ ਦੀ ਕੋਈ ਘਾਟ ਨਹੀਂ ਹੈ ਅਤੇ ਯੂਨੀਵਰਸਿਟੀ ਦਾ ਉਦੇਸ਼ ਹੋਣਹਾਰ ਖਿਡਾਰੀਆਂ ਨੂੰ ਮਿਆਰੀ ਸਿੱਖਿਆ ਦੇ ਨਾਲ-ਨਾਲ ਅਜਿਹਾ ਖੇਡ ਮਾਹੌਲ ਪ੍ਰਦਾਨ ਕਰਨਾ ਹੈ, ਜਿਸ ਰਾਹੀਂ ਉਹ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕਰ ਸਕਣ।

ਡਾ. ਗਿੱਲ ਨੇ ਪੰਜਾਬ ਸਮੇਤ ਦੇਸ਼ ਭਰ ਦੇ ਹੋਣਹਾਰ ਖਿਡਾਰੀਆਂ ਨੂੰ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਨਾਲ ਜੁੜਨ ਅਤੇ ਇੱਥੇ ਦਾਖਲਾ ਲੈਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਉੱਚ ਪੱਧਰੀ ਖੇਡ ਪ੍ਰਤਿਭਾ ਵਾਲੇ ਯੋਗ ਖਿਡਾਰੀਆਂ ਨੂੰ ਯੂਨੀਵਰਸਿਟੀ ਵੱਲੋਂ ਮੁਫ਼ਤ ਹੋਸਟਲ ਸਹੂਲਤ ਮੁਹੱਈਆ ਕਰਵਾਉਣ ਦੀ ਵਿਵਸਥਾ ਕੀਤੀ ਜਾਵੇਗੀ, ਜਦਕਿ ਸ. ਜਸਪ੍ਰੀਤ ਸਿੰਘ ਗਿੱਲ ਵੱਲੋਂ ਐਲਾਨੀ ਗਈ ਸਾਲਾਨਾ ਡਾਈਟ ਸਹਾਇਤਾ ਖਿਡਾਰੀਆਂ ਨੂੰ ਆਪਣੀ ਖੇਡ 'ਤੇ ਹੋਰ ਵਧੇਰੇ ਧਿਆਨ ਕੇਂਦਰਿਤ ਕਰਨ ਵਿੱਚ ਮਦਦ ਕਰੇਗੀ।

# ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਦੇ ਪਿੰਡਾਂ ਵਿੱਚ 86.22 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ

## ਪਿੰਡ ਰੱਖੜਾ ਅਤੇ ਦਦਹੇੜਾ ਦੀਆਂ ਫਿਰਨੀਆਂ ਦੇ ਨਿਰਮਾਣ ਕਾਰਜਾਂ ਦੀ ਹੋਈ ਸ਼ੁਰੂਆਤ

**ਪਟਿਆਲਾ, 16 ਜੁਲਾਈ**
**-ਛਤਰਪਾਲ ਸਿੰਘ-**

ਪੰਜਾਬ ਦੇ ਪਿੰਡਾਂ ਦੀ ਨੁਹਾਰ ਬਦਲਣ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਅੱਜ ਇੱਕ ਹੋਰ ਵੱਡਾ ਕਦਮ ਚੁੱਕਿਆ ਗਿਆ ਹੈ। ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਵੱਲੋਂ ਅੱਜ ਹਲਕਾ ਸਮਾਣਾ ਦੇ ਵੱਖ-ਵੱਖ ਪਿੰਡਾਂ ਵਿੱਚ ਫਿਰਨੀਆਂ ਦੇ ਨਿਰਮਾਣ ਕਾਰਜਾਂ ਦੇ ਉਦਘਾਟਨ ਕੀਤੇ ਗਏ। ਕਰੀਬ 86.22 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਇਨ੍ਹਾਂ ਵਿਕਾਸ ਕਾਰਜਾਂ ਦੀ ਸ਼ੁਰੂਆਤ ਨਾਲ ਸਮੂਹ ਇਲਾਕਾ ਨਿਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।

ਵਿਕਾਸ ਕਾਰਜਾਂ ਦੇ ਵੇਰਵੇ ਸਾਂਝੇ ਕਰਦਿਆਂ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਦੱਸਿਆ ਕਿ ਪਿੰਡਾਂ ਦੇ ਲੋਕਾਂ ਨੂੰ ਆਵਾਜਾਈ ਵਿੱਚ ਆ ਰਹੀਆਂ ਮੁਸ਼ਕਿਲਾਂ ਨੂੰ ਹੱਲ ਕਰਨ ਲਈ ਇਹ ਨਿਰਮਾਣ ਕਾਰਜ ਸ਼ੁਰੂ ਕਰਵਾਏ ਗਏ ਹਨ। ਉਨ੍ਹਾਂ ਵੱਲੋਂ ਹਲਕਾ ਸਮਾਣਾ ਦੇ ਪਿੰਡ ਰੱਖੜਾ ਵਿਖੇ 0.55 ਕਿਲੋਮੀਟਰ ਲੰਬੀ ਫਿਰਨੀ ਦੇ ਨਿਰਮਾਣ ਕਾਰਜਾਂ ਦੀ ਰਸਮੀ ਸ਼ੁਰੂਆਤ ਕਰਵਾਈ ਗਈ। ਇਸ ਫਿਰਨੀ ਨੂੰ ਆਧੁਨਿਕ ਤਕਨੀਕ ਨਾਲ ਤਿਆਰ ਕੀਤਾ ਜਾਵੇਗਾ, ਜਿਸ ਉੱਤੇ ਕਰੀਬ 41.24 ਲੱਖ ਰੁਪਏ ਦੀ ਲਾਗਤ ਆਵੇਗੀ।



ਇਸੇ ਤਰ੍ਹਾਂ ਸ. ਬਰਸਟ ਨੇ ਪਿੰਡ ਦਦਹੇੜਾ ਵਿਖੇ 0.60 ਕਿਲੋਮੀਟਰ ਲੰਬੀ ਫਿਰਨੀ ਦੇ ਨਿਰਮਾਣ ਕਾਰਜਾਂ ਦੀ ਵੀ ਰਸਮੀ ਸ਼ੁਰੂਆਤ ਕਰਵਾਈ। ਇਸ ਤੇ ਕਰੀਬ 44.98 ਲੱਖ ਰੁਪਏ ਦੀ ਲਾਗਤ ਆਵੇਗੀ। ਇਹਨਾਂ ਦੋਵਾਂ ਫਿਰਨੀਆਂ ਦੇ ਮੁਕੰਮਲ ਹੋਣ ਨਾਲ ਪਿੰਡਾਂ ਦੀ ਅੰਦਰੂਨੀ ਅਤੇ ਬਾਹਰੀ ਆਵਾਜਾਈ ਸੁਚਾਰੂ ਹੋ ਜਾਵੇਗੀ ਅਤੇ ਬਰਸਾਤ ਦੇ ਦਿਨਾਂ ਵਿੱਚ ਹੋਣ ਵਾਲੇ ਚਿੱਕੜ ਅਤੇ ਪਾਣੀ ਦੇ ਜਮ੍ਹਾਂ ਹੋਣ ਤੋਂ ਵੀ ਸਥਾਨਕ ਲੋਕਾਂ ਨੂੰ ਹਮੇਸ਼ਾ ਲਈ ਨਿਜਾਤ ਮਿਲੇਗੀ। ਉਨ੍ਹਾਂ ਨੇ ਦੱਸਿਆ ਕਿ ਇਲਾਕਾ ਨਿਵਾਸੀਆਂ ਵੱਲੋਂ ਲੰਬੇ ਸਮੇਂ ਤੋਂ ਇਨ੍ਹਾਂ ਫਿਰਨੀਆਂ ਦੀ ਉਸਾਰੀ ਦੀ ਮੰਗ ਕੀਤੀ ਜਾ ਰਹੀ ਸੀ, ਜਿਸ ਨੂੰ ਪੂਰਾ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀਆਂ ਮਾੜੀਆਂ ਨੀਤੀਆਂ ਕਰਕੇ ਪਿੰਡਾਂ ਦੀਆਂ ਸੜਕਾਂ ਦੀ ਹਾਲਤ ਬਹੁਤ ਬੁਰੀ ਹੋ ਗਈ ਸੀ, ਜਿਸ ਕਾਰਨ ਕਿਸਾਨਾਂ, ਮਜ਼ਦੂਰਾਂ ਅਤੇ ਆਮ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਪਰ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਇਨ੍ਹਾਂ ਸੜਕਾਂ ਦੀ ਮੁਰੰਮਤ ਅਤੇ ਨਵੀਨੀਕਰਣ ਨੂੰ ਮੁੱਖ ਤਰਜੀਹ ਦਿੱਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੌਰਾਨ ਵਿਕਾਸ ਕਾਰਜਾਂ ਨੂੰ ਪੂਰੀ ਪਾਰਦਰਸ਼ਿਤਾ ਅਤੇ ਇਮਾਨਦਾਰੀ ਨਾਲ ਨੇਪਰੇ ਚਾੜ੍ਹਿਆ ਜਾ ਰਿਹਾ ਹੈ। ਸ. ਬਰਸਟ ਨੇ ਹਲਕਾ ਸਮਾਣਾ ਦੇ ਲੋਕਾਂ ਨੂੰ ਭਰੋਸਾ ਦਵਾਇਆ ਕਿ ਖੇਤਰ ਦੇ ਚਹੁੰਪੱਖੀ ਵਿਕਾਸ ਵਿੱਚ ਕਿਸੇ ਵੀ ਕਿਸਮ ਦੀ ਕਮੀ ਨਹੀਂ ਛੱਡੀ ਜਾਵੇਗੀ ਅਤੇ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ ਤੇ ਪੂਰਾ ਕੀਤਾ ਜਾਵੇਗਾ, ਤਾਂ ਜੋ ਸਾਰਿਆਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ, ਸਾਫ਼-ਸੁਥਰਾ ਵਾਤਾਵਰਣ ਅਤੇ ਪੱਕੀਆਂ ਸੜਕਾਂ ਮਿਲ ਸਕਣ।

ਸਮਾਗਮ ਦੌਰਾਨ ਇਲਾਕਾ ਵਾਸੀਆਂ ਵੱਲੋਂ ਪੰਜਾਬ ਸਰਕਾਰ ਅਤੇ ਸ. ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਤਰਲੋਚਨ ਸਿੰਘ ਸਰਪੰਚ ਰੱਖੜਾ, ਗੁਰਜੀਤ ਸਿੰਘ ਸਰਪੰਚ ਦਦਹੇੜਾ, ਨਰਿੰਦਰ ਸਿੰਘ ਸਰਪੰਚ ਬਰਸਟ, ਰਾਮ ਸਿੰਘ ਸਰਪੰਚ ਫਤਿਹਪੁਰ, ਬਹਾਦਰ ਸਿੰਘ ਸਰਪੰਚ ਦੁਘਾਟ, ਜਗਦੀਪ ਸਿੰਘ ਸਰਪੰਚ ਬਿਸ਼ਨਪੁਰ ਛੰਨਾ, ਪ੍ਰੇਮ ਸਿੰਘ ਸਰਪੰਚ ਖੇੜੀ ਮੁਸਲਮਾਨੀਆਂ, ਰਾਜੀਵ ਕੁਮਾਰ ਸਰਪੰਚ ਸੋਜਾ, ਪਰਗਟ ਸਿੰਘ ਸਰਪੰਚ ਮੁੰਡਖੇੜਾ, ਪਰਗਟ ਸਿੰਘ ਅਗੇਤੀ, ਗੁਲਜ਼ਾਰ ਦੁਘਾਟ, ਪਰਗਟ ਬਲਾਕ ਪ੍ਰਧਾਨ, ਗਿੰਨੀ ਖੰਗੂੜਾ ਹਲਕਾ ਵਾਇਸ ਕੁਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਜੱਸੀ ਫਤਿਹਪੁਰ, ਹੇਮਇੰਦਰ ਸਿੰਘ ਮਾਲੋਮਾਜਰਾ, ਗੁਰਜੀਤ ਸਿੰਘ ਇੰਦਰਪੁਰਾ, ਮਦਨ ਸਿੰਘ, ਗੁਰਸੇਵਕ ਸਿੰਘ ਮੈਂਬਰ ਪੰਚਾਇਤ, ਸੁਰਿੰਦਰ ਕੌਰ, ਅਮਰਦੀਪ, ਸੁਖੀ, ਪਰਮਿੰਦਰ ਮੰਡੋੜ, ਗੁਰਸੇਵਕ ਸਿੰਘ ਮੰਡੋੜ, ਮਨਜਿੰਦਰ ਸਿੰਘ ਢਕੜੱਬਾ, ਹਰਬੰਸ ਢਕੜੱਬਾ, ਗੁਰਪ੍ਰੀਤ ਸਿੰਘ ਕਲਿਆਣ, ਕੁਲਵਿੰਦਰ ਸਿੰਘ ਕਲਿਆਣ, ਰਾਣਾ ਰੱਖੜਾ, ਨਿਰਭੈ ਸਿੰਘ, ਸਾਹਿਲ ਰੋਣੀ, ਅੰਮ੍ਰਿਤਪਾਲ ਸਿੰਘ ਕਾਰਜਕਾਰੀ ਇੰਜੀਨੀਅਰ, ਸਤਨਾਮ ਸਿੰਘ ਐਸ.ਡੀ.ਓ. ਸਮੇਤ ਸਮੂਹ ਇਲਾਕਾ ਨਿਵਾਸੀ ਅਤੇ ਮੰਡੀ ਬੋਰਡ ਦੇ ਅਧਿਕਾਰੀ ਮੌਜੂਦ ਰਹੇ।




# ਡਿਪਟੀ ਡਾਇਰੈਕਟਰ ਫਿਜੀਕਲ ਐਜੂਕੇਸ਼ਨ ਦੀ ਆਸਾਮੀ ਤੇ ਖੇਡਾਂ ਵਾਲੇ ਪ੍ਰਿੰਸੀਪਲ ਹੀ ਲੱਗਣ : ਜਸਵਿੰਦਰ ਚਪੜ੍ਹ



**ਸਨੌਰ,16 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਲਕਾ ਘਨੌਰ (ਪਟਿਆਲਾ) ਦੀ ਜ਼ੋਨਲ ਸਕੂਲ ਖੇਡਾਂ ਦੀ ਮੀਟਿੰਗ ਪ੍ਰਧਾਨ ਪ੍ਰਿੰ. ਰਾਜ ਕੁਮਾਰ, ਖੇਡ ਸਕੱਤਰ ਜਸਵਿੰਦਰ ਸਿੰਘ ਚਪੜ੍ਹ - ਸਟੇਟ ਅਵਾਰਡੀ ਦੀ ਅਗਵਾਈ ਵਿਚ ਸੁਸੀਲਾ ਦੇਵੀ ਪਬਲਿਕ ਸਕੂਲ ਬਹਾਦਰਗੜ੍ਹ ਵਿਖੇ ਹੋਈ। ਜਿਸ ਵਿਚ ਹਲਕਾ ਤੇ ਜ਼ੋਨ ਘਨੌਰ ਦੇ ਸਮੂਹ ਸਰੀਰਕ ਸਿੱਖਿਆ ਵਿਸ਼ੇ ਨਾਲ ਸਬੰਧਤ ਅਧਿਆਪਕ ਸਾਹਿਬਾਨ ਨੇ ਸ਼ਮੂਲੀਅਤ ਕੀਤੀ। ਮੀਟਿੰਗ ਵਿਚ ਜਿਥੇ ਸੈਸ਼ਨ 2026 --27 ਦੀਆਂ ਜ਼ੋਨਲ ਖੇਡਾਂ ਨੂੰ ਕਰਵਾਉਣ ਹਿੱਤ ਵਿਚਾਰਾਂ ਕੀਤੀਆਂ ਗਈਆਂ ਉਥੇ ਹੀ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ, ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ, ਸਿੱਖਿਆ ਸਕੱਤਰ ਸਕੂਲਜ਼ ਤੋਂ ਮੰਗ ਕੀਤੀ ਹੈ ਕਿ ਸਰਵਿਸ ਰੂਲਾਂ ਵਿੱਚ ਸੋਧ ਕਰਕੇ ਡਿਪਟੀ ਡਾਇਰੈਕਟਰ ਫਿਜੀਕਲ ਐਜੂਕੇਸ਼ਨ ਦੀ ਅਸਾਮੀ ਸਰੀਰਕ ਸਿੱਖਿਆ ਅਤੇ ਖੇਡਾਂ ਦੇ ਵਿਸ਼ੇ ਦੇ ਪ੍ਰਿੰਸੀਪਲ ਲਈ ਹਮੇਸ਼ਾ ਲਈ ਰਾਖਵੀਂ ਕਰਨੀ ਚਾਹੀਦੀ ਹੈ ਤਾਂ ਜੋ ਖੇਡਾਂ ਦੇ ਲਗਾਤਾਰ ਡਿੱਗ ਰਹੇ ਮਿਆਰ ਨੂੰ ਤਰੱਕੀ ਦੀਆਂ ਲੀਹਾਂ ਤੇ ਲਜਾਇਆ ਜਾ ਸਕੇ। ਇਸ ਮੌਕੇ ਪ੍ਰਿੰ. ਰੇਖਾ ਗੁਪਤਾ, ਲੈਕਚਰਾਰ ਅਮਨਦੀਪ ਕੌਰ, ਰੁਪਿੰਦਰ ਕੌਰ, ਹਰਪ੍ਰੀਤ ਕੌਰ, ਪਰਮਜੀਤ ਕੌਰ, ਰਾਧਾ ਰਾਣੀ, ਨਵਜੋਤ ਕੌਰ, ਕਵਲਪ੍ਰੀਤ ਕੌਰ, ਨਵਦੀਪ ਕੌਰ, ਰਾਜਨਪ੍ਰੀਤ ਕੌਰ, ਪ੍ਰਦੀਪ ਕੁਮਾਰ, ਵਿਕਾਸ ਜਿੰਦਲ, ਤਨਵੀਰ ਸਿੰਘ, ਅਲਬਰਟ, ਸੰਜੀਵ ਸੋਹਲ, ਰਾਜ ਕੁਮਾਰ, ਦੀਪਇੰਦਰ ਸਿੰਘ, ਯੋਗੇਸ਼ ਕੁਮਾਰ, ਸੁਨੀਲ ਕੁਮਾਰ, ਰਣਜੀਤ ਸਿੰਘ, ਜਸਵਿੰਦਰ ਸਿੰਘ, ਪਰਮਜੀਤ ਸਿੰਘ ਹਾਜ਼ਰ ਰਹੇ।

## ਮੁਫਤ ਸਕਿੱਲ ਟ੍ਰੇਨਿੰਗ ਲਈ ਅਰਜ਼ੀਆਂ ਦੀ ਮੰਗ

**ਸੰਗਰੂਰ, 16 ਜੁਲਾਈ**
**ਜਗਦੇਵ ਰੰਚਨਾਂ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅਤੇ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮਾਮਲਿਆਂ ਬਾਰੇ ਮੰਤਰੀ ਡਾ. ਬਲਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਨੁਸੂਚਿਤ ਜਾਤੀ ਨਾਲ ਸਬੰਧਤ ਨੌਜਵਾਨਾਂ ਨੂੰ ਹੁਨਰਮੰਦ ਬਣਾਉਣ ਲਈ ਪ੍ਰਧਾਨ ਮੰਤਰੀ ਅਨੁਸੂਚਿਤ ਜਾਤੀ ਅਭਿਉਦੇ ਯੋਜਨਾ ਤਹਿਤ ਮੁਫ਼ਤ ਸਕਿੱਲ ਟ੍ਰੇਨਿੰਗ ਮੁਹੱਈਆ ਕਰਵਾਈ ਜਾ ਰਹੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ, ਸੰਗਰੂਰ, ਸ਼੍ਰੀਮਤੀ ਪੂਨਮਦੀਪ ਕੌਰ, ਆਈ.ਏ.ਐਸ. ਨੇ ਦੱਸਿਆ ਕਿ ਜ਼ਿਲ੍ਹਾ ਸੰਗਰੂਰ ਵਿਖੇ RSETI ਸੈਂਟਰ, ਬਡਰੁੱਖਾਂ ਵਿੱਚ ਅਨੁਸੂਚਿਤ ਜਾਤੀ ਨਾਲ ਸਬੰਧਤ ਯੋਗ ਉਮੀਦਵਾਰਾਂ ਨੂੰ ਬੁਟੀਕ (Boutique) ਟ੍ਰੇਨਿੰਗ ਮੁਫ਼ਤ ਦਿੱਤੀ ਜਾਵੇਗੀ। ਇਹ ਟ੍ਰੇਨਿੰਗ 20 ਜੁਲਾਈ 2026 ਤੋਂ ਸ਼ੁਰੂ ਹੋ ਰਹੀ ਹੈ।

ਉਨ੍ਹਾਂ ਦੱਸਿਆ ਕਿ ਇਸ ਟ੍ਰੇਨਿੰਗ ਲਈ ਅਰਜ਼ੀ ਦੇਣ ਵਾਲੇ ਉਮੀਦਵਾਰ ਅਨੁਸੂਚਿਤ ਜਾਤੀ ਨਾਲ ਸਬੰਧਤ ਹੋਣ, ਘੱਟੋ-ਘੱਟ ਅੱਠਵੀਂ ਪਾਸ ਹੋਣ ਅਤੇ ਉਨ੍ਹਾਂ ਦੀ ਉਮਰ 18 ਤੋਂ 40 ਸਾਲ ਦੇ ਵਿਚਕਾਰ ਹੋਣੀ ਚਾਹੀਦੀ ਹੈ। ਉਹਨਾ ਵੱਲੋਂ ਕਿਹਾ ਗਿਆ ਕਿ ਅਨੁਸੂਚਿਤ ਜਾਤੀ ਨਾਲ ਸਬੰਧਤ ਯੋਗ ਅਤੇ ਬੇਰੁਜ਼ਗਾਰ ਉਮੀਦਵਾਰ ਮਿਤੀ 17 ਜੁਲਾਈ 2026 ਤਕ ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫ਼ਸਰ ਸੰਗਰੂਰ (ਪਟਿਆਲਾ ਗੇਟ, ਨੇੜੇ ਕਾਲੀ ਮਾਤਾ ਮੰਦਿਰ) ਵਿਖੇ ਸੰਪਰਕ ਕਰ ਸਕਦੇ ਹਨ ਜਾਂ ਦਫ਼ਤਰ ਦੀ ਈਮੇਲ dwosangrur@gmail.com ’ਤੇ ਅਰਜ਼ੀ ਸਮੇਤ ਦਸਤਾਵੇਜ਼ (ਅਨੁਸੂਚਿਤ ਜਾਤੀ ਸਰਟੀਫ਼ਿਕੇਟ, ਆਧਾਰ ਕਾਰਡ ਅਤੇ ਵਿਦਿਅਕ ਸਰਟੀਫ਼ਿਕੇਟ ਅਤੇ ਪਾਸਪੋਰਟ ਸਾਈਜ ਫੋਟੋਆ) ਭੇਜ ਸਕਦੇ ਹਨ। ਡਿਪਟੀ ਕਮਿਸ਼ਨਰ ਵੱਲੋਂ ਦੱਸਿਆ ਗਿਆ ਕਿ ਟ੍ਰੇਨਿੰਗ ਸਫਲਤਾਪੂਰਵਕ ਪੂਰੀ ਕਰਨ ਉਪਰੰਤ ਉਮੀਦਵਾਰਾਂ ਨੂੰ ਸਕਿੱਲ ਕੌਂਸਲ ਵੱਲੋਂ ਮਾਨਤਾ ਪ੍ਰਾਪਤ ਸਰਟੀਫ਼ਿਕੇਟ ਜਾਰੀ ਕੀਤਾ ਜਾਵੇਗਾ। ਉਮੀਦਵਾਰਾਂ ਨੂੰ ਆਪਣਾ ਸਵੈ-ਰੋਜ਼ਗਾਰ ਸ਼ੁਰੂ ਕਰਨ ਲਈ ਵੱਖ-ਵੱਖ ਵਿੱਤੀ ਸੰਸਥਾਵਾਂ ਤੋਂ ਕਰਜ਼ਾ ਪ੍ਰਾਪਤ ਕਰਨ ਸਬੰਧੀ ਮਾਰਗਦਰਸ਼ਨ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਯੋਗ ਉਮੀਦਵਾਰਾਂ ਨੂੰ ਰੁਜ਼ਗਾਰ ਪ੍ਰਾਪਤ ਕਰਨ ਲਈ ਪਲੇਸਮੈਂਟ ਸਹਾਇਤਾ ਵੀ ਪ੍ਰਦਾਨ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਸਵੈ-ਨਿਰਭਰ ਬਣਨ ਲਈ ਕਿਸੇ ਨਾ ਕਿਸੇ ਹੁਨਰ ਦਾ ਹੋਣਾ ਬਹੁਤ ਜ਼ਰੂਰੀ ਹੈ। ਪੰਜਾਬ ਸਰਕਾਰ ਵੱਲੋਂ ਇਸ ਯੋਜਨਾ ਤਹਿਤ 60 ਸਿਖਿਆਰਥੀਆਂ ਨੂੰ ਹੁਨਰਮੰਦ ਬਣਾ ਕੇ ਉਨ੍ਹਾਂ ਨੂੰ ਆਤਮ-ਨਿਰਭਰ ਬਣਾਉਣ ਲਈ ਇਹ ਇੱਕ ਮਹੱਤਵਪੂਰਨ ਉਪਰਾਲਾ ਕੀਤਾ ਜਾ ਰਿਹਾ ਹੈ।

## ਮੁਖ ਚੋਣ ਕਮਿਸ਼ਨਰ ਵੱਲੋਂ ਪੰਜਾਬ ਦੇ ਟਾਪ-100 ਵਿੱਚ ਸ਼ਾਮਲ ਜ਼ਿਲ੍ਹੇ ਦੇ ਤਿੰਨ ਬੀ.ਐਲ.ਓਜ਼ ਸਨਮਾਨਤ



**ਬਠਿੰਡਾ, 16 ਜੁਲਾਈ**
**-ਗੁਰਤੇਜ ਅਤਲਾ-**

ਮੁਖ ਚੋਣ ਅਫਸਰ ਪੰਜਾਬ ਮੈਡਮ ਅਨਿੰਦਿਤਾ ਮਿੱਤਰਾ ਨੇ ਸੂਬੇ ਵਿੱਚ ਚੱਲ ਰਹੀ ਵਿਸ਼ੇਸ਼ ਗਹਿਰੀ ਸੁਧਾਈ (ਸਪੈਸ਼ਲ ਇੰਟੈਂਸਿਵ ਰਿਵੀਜ਼ਨ-ਐੱਸ.ਆਈ.ਆਰ.) ਮੁਹਿੰਮ ਤਹਿਤ ਜ਼ਿਲ੍ਹਾ ਬਠਿੰਡਾ ਦੇ ਚਾਉਕੇ, ਜੱਜਲ ਅਤੇ ਢੱਡੇ ਦੇ ਬੂਥਾਂ ’ਤੇ ਵੋਟਰਾਂ ਦੇ ਡਾਟੇ ਦੀ 100 ਫ਼ੀਸਦੀ ਡਿਜੀਟਾਈਜ਼ੇਸ਼ਨ ਦਾ ਟੀਚਾ ਹਾਸਲ ਕਰਨ ਵਾਲੇ ਬੂਥ ਲੈਵਲ ਅਫ਼ਸਰਾਂ ਨੂੰ ਸਨਮਾਨਿਤ ਕੀਤਾ ਗਿਆ।

ਇਨ੍ਹਾਂ ਸਨਮਾਨਤ ਬੀ ਐੱਲ ਓ ਸੀ ਸ਼ਲਾਘਾ ਕਰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਜ਼ਿਲ੍ਹੇ ਲਈ ਇਹ ਮਾਣ ਵਾਲੀ ਗੱਲ ਹੈ ਕਿ ਚਾਉਕੇ ਦੇ ਬੀ.ਐਲ.ਓ. ਸੰਦੀਪ ਸਿੰਘ, ਜੱਜਲ ਦੇ ਬੀ.ਐਲ.ਓ. ਮੈਂਗਲ ਸਿੰਘ ਅਤੇ ਢੱਡੇ ਦੇ ਬੀ.ਐਲ.ਓ. ਹਰਪ੍ਰੀਤ ਸਿੰਘ ਆਪਣੀ ਸ਼ਾਨਦਾਰ ਕਾਰਗੁਜ਼ਾਰੀ ਦੇ ਆਧਾਰ ’ਤੇ ਪੰਜਾਬ ਦੇ ਟਾਪ-100 ਬੀ.ਐਲ.ਓਜ਼ ਵਿੱਚ ਸ਼ਾਮਲ ਹੋਏ ਹਨ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਇਨ੍ਹਾਂ ਅਧਿਕਾਰੀਆਂ ਦੀ ਮਿਹਨਤ, ਸਮਰਪਣ ਅਤੇ ਜ਼ਿੰਮੇਵਾਰੀ ਨਾਲ ਨਿਭਾਈ ਗਈ ਡਿਊਟੀ ਦਾ ਨਤੀਜਾ ਹੈ।

ਸ੍ਰੀ ਰਾਜੇਸ਼ ਧੀਮਾਨ ਨੇ ਕਿਹਾ ਕਿ ਇਸ ਸਫ਼ਲਤਾ ਦਾ ਸਿਹਰਾ ਸਿਰਫ਼ ਬੀ.ਐਲ.ਓਜ਼ ਨੂੰ ਹੀ ਨਹੀਂ, ਸਗੋਂ ਚਾਉਕੇ, ਜੱਜਲ ਅਤੇ ਢੱਡੇ ਦੇ ਵੋਟਰਾਂ ਨੂੰ ਵੀ ਜਾਂਦਾ ਹੈ, ਜਿਨ੍ਹਾਂ ਨੇ ਉਤਸ਼ਾਹ ਨਾਲ ਸਹਿਯੋਗ ਦਿੰਦਿਆਂ ਆਪਣਾ 100 ਫ਼ੀਸਦੀ ਡਾਟਾ ਦਰਜ ਕਰਵਾ ਕੇ ਇਸ ਮੁਹਿੰਮ ਨੂੰ ਸਫ਼ਲ ਬਣਾਇਆ।

ਉਨ੍ਹਾਂ ਸਮੂਹ ਵੋਟਰਾਂ ਦਾ ਧੰਨਵਾਦ ਕਰਦਿਆਂ ਹੋਰਨਾਂ ਨੂੰ ਵੀ ਇਸ ਮੁਹਿੰਮ ਵਿੱਚ ਪੂਰਾ ਸਹਿਯੋਗ ਦੇਣ ਦੀ ਅਪੀਲ ਕੀਤੀ। ਇਸ ਮੌਕੇ ਚੋਣ ਤਹਿਸੀਲਦਾਰ ਸ੍ਰੀਮਤੀ ਹਰਜਿੰਦਰ ਕੌਰ ਵੀ ਹਾਜ਼ਰ ਸਨ।

# ‘ਜਾਗਤ ਜੋਤਿ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ 2026‘ ਨੂੰ ਰੱਦ ਕੀਤਾ ਜਾਵੇ: ਸਿੱਖ ਬੁੱਧੀਜੀਵੀ



**ਚੰਡੀਗੜ੍ਹ, 16 ਜੁਲਾਈ**
**-ਮਨੋਜ ਵਰਮਾ-**
**-ਸ਼ਹੀਦ-ਏ-ਆਜ਼ਮ-ਬਿਊਰੋ-**

‘ਜਾਗਤ ਜੋਤਿ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ 2026’ ਅਤੇ ਸ਼ਬਦ-ਗੁਰੂ ਦੀ ਸਰਬਉੱਚਤਾ: ਪੰਥਕ ਸਰੋਕਾਰ, ਚੁਣੌਤੀਆਂ ਅਤੇ ਭਵਿੱਖੀ ਨੀਤੀ÷ ਵਿਸ਼ੇ ’ਤੇ ਇੱਕ ਗੰਭੀਰ ਅਤੇ ਵਿਚਾਰ-ਉਤੇਜਕ ਵਿਚਾਰ ਸਮਾਗਮ ਆਯੋਜਿਤ ਕੀਤਾ ਗਿਆ। ਇਸ ਵਿਚ ਸਮਾਜ ਦੇ ਵੱਖ-ਵੱਖ ਵਰਗਾਂ ਨਾਲ ਸਬੰਧਿਤ ਸਿੱਖ ਚਿੰਤਕਾਂ, ਕਾਨੂੰਨਦਾਨਾਂ, ਵਿਦਵਾਨਾਂ, ਧਾਰਮਿਕ ਆਗੂਆਂ, ਸਮਾਜਿਕ ਕਾਰਕੁਨਾਂ ਅਤੇ ਵੱਡੀ ਗਿਣਤੀ ਵਿੱਚ ਸੰਗਤ ਨੇ ਭਾਗ ਲਿਆ।

ਸਮਾਗਮ ਦੌਰਾਨ ਪੇਸ਼ ਕੀਤੇ ਗਏ ਪੋਜੀਸ਼ਨ ਪੇਪਰ ਦੇ ਆਧਾਰ ’ਤੇ ਛੇ ਮੁੱਖ ਵਿਸ਼ਿਆਂ ਉੱਤੇ ਵਿਸਤਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਬੁਲਾਰਿਆਂ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਗੁਰਬਾਣੀ ਦਾ ਸਰੂਪ ਸਰਬ-ਸਾਂਝਾ, ਸਰਬ-ਵਿਆਪਕ ਅਤੇ ਮਨੁੱਖਤਾ ਦੇ ਮਾਰਗਦਰਸ਼ਨ ਲਈ ਹੈ, ਇਸ ਲਈ ਇਸ ਦੇ ਪ੍ਰਸਾਰ ਅਤੇ ਪ੍ਰਬੰਧ ਨੂੰ ਕੇਵਲ ਸਰਕਾਰੀ ਕਾਨੂੰਨਾਂ ਜਾਂ ਰਾਜਸੀ ਢਾਂਚਿਆਂ ਦੇ ਦਾਇਰੇ ਵਿੱਚ ਸੀਮਤ ਕਰਨਾ ਸਿੱਖ ਸਿਧਾਂਤਾਂ ਨਾਲ ਜੁੜੇ ਕਈ ਗੰਭੀਰ ਪ੍ਰਸ਼ਨ ਖੜ੍ਹੇ ਕਰਦਾ ਹੈ।

ਵਿਚਾਰ-ਚਰਚਾ ਦੌਰਾਨ ਇਹ ਵੀ ਮਤ ਪ੍ਰਗਟ ਕੀਤਾ ਗਿਆ ਕਿ ਪੰਥਕ ਮਸਲਿਆਂ ਦੇ ਹੱਲ ਲਈ ਸਿੱਖ ਪਰੰਪਰਾ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਨੈਤਿਕ ਅਤੇ ਅਧਿਆਤਮਿਕ ਸਰਬਉੱਚਤਾ ਨੂੰ ਮਜ਼ਬੂਤ ਕਰਨਾ ਸਮੇਂ ਦੀ ਲੋੜ ਹੈ। ਸਿੱਖ ਬੁੱਧੀਜੀਵੀਆਂ ਨੇ ਕਿਹਾ ਕਿ ਪੰਥਕ ਮਰਿਆਦਾ ਅਤੇ ਸਵੈ-ਨਿਯਮਨ ਦੀ ਪ੍ਰਣਾਲੀ ਨੂੰ ਮਜ਼ਬੂਤ ਬਣਾਕੇ ਗੁਰਬਾਣੀ ਦੇ ਪ੍ਰਸਾਰ, ਛਪਾਈ ਅਤੇ ਡਿਜੀਟਲ ਪ੍ਰਕਾਸ਼ਨ ਲਈ ਸਾਂਝੇ ਮਾਪਦੰਡ ਤਿਆਰ ਕੀਤੇ ਜਾ ਸਕਦੇ ਹਨ। ਸਮਾਗਮ ਵਿੱਚ ਹਾਜ਼ਰ ਵਿਦਵਾਨਾਂ ਨੇ ਇਹ ਚਿੰਤਾ ਵੀ ਪ੍ਰਗਟ ਕੀਤੀ ਕਿ ਗੁਰਬਾਣੀ ਨੂੰ ਕਿਸੇ ਵੀ ਤਰ੍ਹਾਂ ਦੀ ਵਪਾਰਕ ਏਕਾਧਿਕਾਰ (ਮੋਨੋਪਲੀ), ਕਾਪੀ ਰਾਈਟ ਜਾਂ ਬੌਧਿਕ ਸੰਪਤੀ ਦੇ ਦਾਅਵਿਆਂ ਦੇ ਘੇਰੇ ਵਿੱਚ ਲਿਆਉਣ ਦੀ ਕੋਈ ਵੀ ਕੋਸ਼ਿਸ਼ ਸਿੱਖ ਪੰਥ ਦੀਆਂ ਧਾਰਮਿਕ ਭਾਵਨਾਵਾਂ ਅਤੇ ਸ਼ਬਦ-ਗੁਰੂ ਦੀ ਸਰਬਉੱਚਤਾ ਦੇ ਵਿਰੁੱਧ ਹੈ। ਇਸ ਸਬੰਧੀ ਪੰਥਕ ਪੱਧਰ ’ਤੇ ਸਾਂਝੀ ਅਤੇ ਸੁਚਿੰਤਿਤ ਨੀਤੀ ਬਣਾਉਣ ਦੀ ਜ਼ਰੂਰਤ ’ਤੇ ਜ਼ੋਰ ਦਿੱਤਾ ਗਿਆ।

ਚਰਚਾ ਦੌਰਾਨ ਇਹ ਮਤ ਵੀ ਸਾਹਮਣੇ ਆਇਆ ਕਿ ਗੁਰਬਾਣੀ ਦਾ ਪ੍ਰਸਾਰ ਆਧੁਨਿਕ ਟੈਕਨੋਲੋਜੀ ਦੇ ਯੁਗ ਵਿੱਚ ਵੱਧ ਤੋਂ ਵੱਧ ਲੋਕਾਂ ਤੱਕ ਸਹਿਜ ਰੂਪ ਵਿੱਚ ਪਹੁੰਚਣਾ ਚਾਹੀਦਾ ਹੈ। ਇਸ ਦੇ ਨਾਲ ਹੀ ਪਾਠ ਦੀ ਸ਼ੁੱਧਤਾ, ਮਰਿਆਦਾ ਅਤੇ ਸਤਿਕਾਰ ਨੂੰ ਯਕੀਨੀ ਬਣਾਉਣ ਲਈ ਪੰਥਕ ਪੱਧਰ ’ਤੇ ਸਹਿਮਤੀ ਨਾਲ ਨਿਯਮ ਅਤੇ ਮਾਪਦੰਡ ਤਿਆਰ ਕੀਤੇ ਜਾਣੇ ਚਾਹੀਦੇ ਹਨ।

ਵਿਚਾਰ ਸਮਾਗਮ ਵਿੱਚ ਇਹ ਸਹਿਮਤੀ ਪ੍ਰਗਟ ਕੀਤੀ ਗਈ ਕਿ ਸਿੱਖ ਪੰਥ ਨਾਲ ਜੁੜੇ ਸੰਵੇਦਨਸ਼ੀਲ ਅਤੇ ਬੁਨਿਆਦੀ ਮਸਲਿਆਂ ਬਾਰੇ ਵਿਸ਼ਵ ਭਰ ਦੇ ਸਿੱਖ ਵਿਦਵਾਨਾਂ, ਕਾਨੂੰਨੀ ਮਾਹਰਾਂ, ਧਾਰਮਿਕ ਆਗੂਆਂ ਅਤੇ ਬੁੱਧੀਜੀਵੀਆਂ ਵਿਚਕਾਰ ਲਗਾਤਾਰ ਸੰਵਾਦ ਜਾਰੀ ਰਹਿਣਾ ਚਾਹੀਦਾ ਹੈ, ਤਾਂ ਜੋ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਵਉੱਚਤਾ, ਗੁਰੂ ਪੰਥ ਦੀ ਖ਼ੁਦਮੁਖਤਿਆਰੀ ਅਤੇ ਗੁਰਬਾਣੀ ਦੇ ਸਰਬ-ਸਾਂਝੇ ਸਰੂਪ ਦੀ ਰੱਖਿਆ ਲਈ ਦੂਰਅੰਦੇਸ਼ੀ ਵਾਲੀ ਨੀਤੀ ਤਿਆਰ ਕੀਤੀ ਜਾ ਸਕੇ।

ਸਮਾਗਮ ਵਿੱਚ ਸ਼ਾਮਲ ਹੋਏ ਸਾਰੇ ਵਿਦਵਾਨਾਂ, ਮਹਿਮਾਨਾਂ ਅਤੇ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਵਿਚਾਰ-ਵਟਾਂਦਰੇ ਤੋਂ ਪ੍ਰਾਪਤ ਸੁਝਾਵਾਂ ਨੂੰ ਇਕੱਠਾ ਕਰਕੇ ਅਗਲੇ ਪੜਾਅ ਵਿੱਚ ਵਿਸਤ੍ਰਿਤ ਸਿਫ਼ਾਰਸ਼ਾਂ ਅਤੇ ਨੀਤੀਗਤ ਦਸਤਾਵੇਜ਼ ਤਿਆਰ ਕੀਤੇ ਜਾਣਗੇ, ਜੋ ਪੰਥਕ ਸੰਸਥਾਵਾਂ ਅਤੇ ਸੰਗਤ ਦੇ ਵਿਚਾਰ ਲਈ ਪੇਸ਼ ਕੀਤੇ ਜਾਣਗੇ।

ਸਮਾਗਮ ਵਿੱਚ ਜਗਮੋਹਨ ਸਿੰਘ, ਗੁਰਤੇਜ ਸਿੰਘ (ਆਈਏਐੱਸ), ਗੁਰਪ੍ਰੀਤ ਸਿੰਘ (ਗਲੋਬਲ ਸਿੱਖ ਕੌਂਸਲ), ਜਸਟਿਸ ਰਣਜੀਤ ਸਿੰਘ, ਡਾ. ਪਿਆਰ ਲਾਲ ਗਰਗ, ਪਰਮਜੀਤ ਸਿੰਘ ਗਾਜ਼ੀ, ਮਨਿੰਦਰ ਸਿੰਘ ਬਰਾੜ, ਗੁਰਮੀਤ ਸਿੰਘ ਰਾਂਚੀ, ਜਗਜੀਤ ਸਿੰਘ ਰਤਨਗੜ੍ਹ, ਗੁਰਪ੍ਰੀਤ ਸਿੰਘ ਬਹਿਰੀਨ, ਡਾ. ਗੁਰਚਰਨ ਸਿੰਘ, ਜਸਪਾਲ ਸਿੰਘ ਸਿੱਧੂ (ਸੀਨੀਅਰ ਪੱਤਰਕਾਰ) ਅਤੇ ਚੇਤਨ ਸਿੰਘ (ਸਾਬਕਾ ਡਾਇਰੈਕਟਰ ਭਾਸ਼ਾ ਵਿਭਾਗ) ਆਦਿ ਸ਼ਾਮਲ ਹੋਏ।

## ਸ਼੍ਰੀ ਕਾਲੀ ਮਾਤਾ ਮੰਦਰ ਵਿਖੇ ਸ਼੍ਰੀ ਹਨੂੰਮਾਨ ਚਾਲੀਸਾ ਦਾ ਪਾਠ ਆਯੋਜਿਤ

**ਪਟਿਆਲਾ, 16 ਜੁਲਾਈ**
**-ਮਨੋਜ ਵਰਮਾ-**



ਸ਼ਿਵ ਸੈਨਾ ਹਿੰਦੁਸਤਾਨ ਦੇ ਧਾਰਮਿਕ ਵਿੰਗ, ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਵੱਲੋਂ, ਇਸ ਮੰਗਲਵਾਰ ਨੂੰ ਵੀ ਉੱਤਰੀ ਭਾਰਤ ਦੇ ਪ੍ਰਸਿੱਧ ਤੀਰਥ ਸਥਾਨ, ਪਟਿਆਲਾ, ਪੰਜਾਬ ਦੇ ਸ਼੍ਰੀ ਕਾਲੀ ਮਾਤਾ ਮੰਦਰ ਵਿਖੇ ਸਨਾਤਨ ਹਿੰਦੂ ਧਰਮ ਦੇ ਪ੍ਰਚਾਰ ਲਈ ਸ਼੍ਰੀ ਹਨੂੰਮਾਨ ਚਾਲੀਸਾ ਦਾ ਪਾਠ ਕੀਤਾ ਗਿਆ। ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਮੰਚ ’ਤੇ ਬੈਠੀ, ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੀ ਧਾਰਮਿਕ ਪ੍ਰਚਾਰਕ ਪ੍ਰਸਿੱਧ ਭਜਨ ਗਾਇਕਾ ਸ੍ਰੀ ਮਤੀ ਕਮਲਾ ਬਜਾਜ ਜੀ ਨੇ ਆਪਣੇ ਭਜਨਾਂ ਰਾਹੀਂ ਦੱਸਿਆ ਕਿ ਹਨੂੰਮਾਨ ਜੀ ਦੇ ਬਾਰਾਂ ਚਮਤਕਾਰੀ ਨਾਮ ਇਸ ਪ੍ਰਕਾਰ ਹਨ: ਹਨੂੰਮਾਨ, ਅੰਜਨੀ ਦਾ ਪੁੱਤਰ, ਵਾਯੂਪੁੱਤਰ, ਮਹਾਬਲੀ, ਰਮੇਸ਼ਤਾ, ਫਾਲਗੁਣ ਦਾ ਦੋਸਤ, ਪਿੰਗਾਕਸ਼, ਅਮਿਤ ਵਿਕਰਮ, ਉਧਿਕਰਮਣ, ਸੀਤਾ ਦਾ ਦੁੱਖ ਨਾਸ਼ਕ, ਲਕਸ਼ਮਣ ਦਾ ਜੀਵਨਦਾਤਾ ਅਤੇ ਦਸ਼ਾਗ੍ਰੀਵ ਦਰਪਹਾ। ਇਨ੍ਹਾਂ ਨਾਵਾਂ ਦਾ ਨਿਯਮਿਤ ਜਾਪ ਹਰ ਤਰ੍ਹਾਂ ਦੀਆਂ ਮੁਸੀਬਤਾਂ, ਡਰ ਅਤੇ ਰੁਕਾਵਟਾਂ ਨੂੰ ਦੂਰ ਕਰਦਾ ਹੈ। ਸ੍ਰੀ ਹਨੂੰਮਾਨ ਜੀ ਦੇ 12 ਨਾਮ ਅਤੇ ਉਨ੍ਹਾਂ ਦੇ ਅਰਥ ਹਨੂੰਮਾਨ: ਜਿਸਦੀ ਠੋਡੀ (ਹਨੂ) ਟੁੱਟੀ ਹੋਈ ਹੈ। ਅੰਜਨੀ ਦਾ ਪੁੱਤਰ: ਮਾਂ ਅੰਜਨੀ ਦਾ ਪੁੱਤਰ। ਵਾਯੂਪੁੱਤਰ: ਪਵਨ ਦੇਵਤਾ (ਵਾਯੂ) ਦਾ ਪੁੱਤਰ। ਮਹਾਬਲੀ: ਬੇਅੰਤ ਤਾਕਤ ਅਤੇ ਸ਼ਕਤੀ ਦਾ ਮਾਲਕ। ਰਮੇਸ਼ਤਾ: ਭਗਵਾਨ ਸ਼੍ਰੀ ਰਾਮ ਦਾ ਪਿਆਰਾ। ਫਾਲਗੁਣ ਦਾ ਦੋਸਤ: ਅਰਜੁਨ (ਫਾਲਗੁਣ) ਦਾ ਦੋਸਤ। ਪਿੰਗਾਕਸ਼: ਭੂਰੀਆਂ ਜਾਂ ਪੀਲੀਆਂ ਅੱਖਾਂ ਵਾਲਾ। ਅਮਿਤ ਵਿਕਰਮ: ਬੇਅੰਤ ਬਹਾਦਰੀ ਵਾਲਾ। ਉਧਿਕਰਮਣ: ਸਮੁੰਦਰ (ਸਮੁੰਦਰ) ਸਮੁੰਦਰ ਪਾਰ ਕਰਨ ਵਾਲਾ। ਸੀਤਾ ਸ਼ੋਕ ਵਿਨਾਸ਼ਨ: ਮਾਤਾ ਸੀਤਾ ਦੇ ਦੁੱਖਾਂ ਨੂੰ ਦੂਰ ਕਰਨ ਵਾਲਾ। ਲਕਸ਼ਮਣ ਪ੍ਰਾਣ ਦਾਤਾ: ਲਕਸ਼ਮਣ ਦਾ ਜੀਵਨ ਬਚਾਉਣ ਵਾਲਾ। ਦਸ਼ਾਗ੍ਰੀਵ ਦਰਪਹਾ: ਰਾਵਣ (ਦਸ਼ਾਗ੍ਰੀਵ) ਦੇ ਹੰਕਾਰ ਨੂੰ ਤੋੜਨ ਵਾਲਾ। ਇਹ ਹਨੂੰਮਾਨ ਜੀ ਦੇ 12 ਨਾਮ ਅਤੇ ਉਨ੍ਹਾਂ ਦੇ ਅਰਥ ਹਨ।

ਇਨ੍ਹਾਂ ਤੋਂ ਇਲਾਵਾ, ਅੰਜਨੀ ਮਾਤਾ ਨੇ ਉਨ੍ਹਾਂ ਦੇ ਸੁੰਦਰ ਰੂਪ ਨੂੰ ਦੇਖ ਕੇ ਉਨ੍ਹਾਂ ਦਾ ਬਚਪਨ ਵਿੱਚ ਉਹਨਾਂ ਦਾ ਨਾਮ ਸੁੰਦਰ ਵੀ ਰੱਖਿਆ ਸੀ, ਜਿਸ ’ਤੇ ਬਾਅਦ ਵਿੱਚ ਸੁੰਦਰਕਾਂਡ ਦੀ ਰਚਨਾ ਹੋਈ।

ਇਸ ਮੌਕੇ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਸੰਸਥਾਪਕ ਪਵਨ ਕੁਮਾਰ ਗੁਪਤਾ ਜੀ, ਪੰਜਾਬ ਪ੍ਰਦੇਸ਼ ਚੇਅਰਮੈਨ ਹੇਮਰਾਜ ਗੋਇਲ, ਪੰਜਾਬ ਮੁੱਖ ਸਨਾਤਨ ਧਰਮ ਪ੍ਰਚਾਰਕ ਜੋਤਸ਼ੀ ਅਚਾਰੀਆ ਬਦਰੀ ਪ੍ਰਸਾਦ ਸ਼ਾਸਤਰੀ, ਸੂਬਾ ਜਨਰਲ ਸਕੱਤਰ ਡਾ: ਸ਼੍ਰੀਚੰਦ ਸ਼ਰਮਾ ਜੀ, ਸੁਮਨ ਗੁਪਤਾ (ਪੰਜਾਬ ਪ੍ਰਧਾਨ, ਸ਼੍ਰੀ ਰਾਮ ਹਨੂੰਮਾਨ ਸੇਵਾ ਦਲ) ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਸੂਬਾ ਜਨਰਲ ਸਕੱਤਰ ਸ਼੍ਰੀ ਰਾਮ ਹਨੂਮਾਨ ਸੇਵਾ ਦਲ ਇਸਤਰੀ ਇਕਾਈ, ਸ਼੍ਰੀ ਰਾਮ ਹਨੂਮਾਨ ਸੇਵਾ ਦਲ ਦੇ ਸੂਬਾ ਜਨਰਲ ਸਕੱਤਰ ਸ. ਦਲ ਪੰਜਾਬ, ਇਸਤਰੀ ਸ਼ਾਖਾ ਪਟਿਆਲਾ ਦੀ ਜਿਲ੍ਹਾ ਪ੍ਰਧਾਨ ਵੀਰਤਾ ਸ਼ਰਮਾ, ਸੁਨੀਤਾ ਰਾਣੀ ਜਿਲ੍ਹਾ ਮੀਤ ਪ੍ਰਧਾਨ ਪਟਿਆਲਾ, ਸਮੇਤ ਹਾਜ਼ਰ ਸਨ।

# ਐਮਐਸਐਮਈ ਮੰਤਰਾਲੇ ਨੇ ਉੱਦਮੀ ਜਾਗਰੂਕਤਾ ਅਤੇ ਵਿਸ਼ੇਸ਼ ਵਿਕਰੇਤਾ ਵਿਕਾਸ ਪ੍ਰੋਗਰਾਮ ਦਾ ਆਯੋਜਨ ਕੀਤਾ

**ਪਟਿਆਲਾ, 16 ਜੁਲਾਈ**
**-ਅਮਨਦੀਪ ਸੱਭਰਵਾਲ-**



ਭਾਰਤ ਸਰਕਾਰ ਦੇ ਸੂਖਮ, ਲਘੂ ਅਤੇ ਦਰਮਿਆਨੇ ਉਦਯੋਗ (ਐਮਐਸ ਐਮਈ) ਮੰਤਰਾਲੇ ਨੇ ਪੀਐਚਡੀ ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਦੇ ਸਹਿਯੋਗ ਨਾਲ ਪਟਿਆਲਾ ਦੇ ਇੱਕ ਹੋਟਲ ਵਿੱਚ ‘ਉੱਦਮੀ ਜਾਗਰੂਕਤਾ ਅਤੇ ਵਿਸ਼ੇਸ਼ ਵਿਕਰੇਤਾ ਵਿਕਾਸ ਪ੍ਰੋਗਰਾਮ’ ਦਾ ਆਯੋਜਨ ਕੀਤਾ। ਇਸ ਪ੍ਰੋਗਰਾਮ ਦਾ ਉਦੇਸ਼ ਭਾਰਤ ਸਰਕਾਰ ਦੇ ਐਮਐਸਐਮਈ ਮੰਤਰਾਲੇ ਦੀਆਂ ਵੱਖ-ਵੱਖ ਪਹਿਲਕਦਮੀਆਂ, ਜਿਨ੍ਹਾਂ ਵਿੱਚ ਨੈਸ਼ਨਲ ਐਸਸੀ-ਐਸਟੀ ਹੱਬ ਯੋਜਨਾ ਵੀ ਸ਼ਾਮਲ ਹੈ, ਬਾਰੇ ਜਾਗਰੂਕਤਾ ਵਧਾਉਣਾ ਸੀ। ਪ੍ਰੋਗਰਾਮ ਦਾ ਮੁੱਖ ਮਕਸਦ ਮੌਜੂਦਾ ਅਤੇ ਭਵਿੱਖ ਦੇ ਉੱਦਮੀਆਂ ਨੂੰ ਨੈਸ਼ਨਲ ਐਸਸੀ-ਐਸਟੀ ਹੱਬ ਯੋਜਨਾ ਪ੍ਰਤੀ ਜਾਗਰੂਕ ਕਰਨਾ ਸੀ, ਤਾਂ ਜੋ ਕੇਂਦਰੀ ਮੰਤਰਾਲਿਆਂ, ਵਿਭਾਗਾਂ ਅਤੇ ਕੇਂਦਰੀ ਜਨਤਕ ਖੇਤਰ ਦੇ ਉਪਕਰਮਾਂ (CPSEs) ਨੂੰ ਜਨਤਕ ਖਰੀਦ ਨੀਤੀ ਦੇ ਤਹਿਤ ਨਿਰਧਾਰਤ 4% ਖਰੀਦ ਟੀਚੇ ਨੂੰ ਪੂਰਾ ਕਰਨ ਵਿੱਚ ਸਹੂਲਤ ਮਿਲ ਸਕੇ। ਪ੍ਰੋਗਰਾਮ ਰਾਹੀਂ ਮੌਜੂਦਾ ਅਤੇ ਭਵਿੱਖ ਦੇ ਦੋਵਾਂ ਤਰ੍ਹਾਂ ਦੇ ਉੱਦਮੀਆਂ ਨੂੰ ਐਨਐਸਐਸਐਚ ਯੋਜਨਾ ਅਤੇ ਐਮਐਸਐਮਈ ਮੰਤਰਾਲੇ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ ਗਈ। ਭਵਿੱਖ ਦੇ ਉੱਦਮੀਆਂ ਨੂੰ ਖ਼ਾਸ ਤੌਰ ’ਤੇ ਆਪਣੇ ਉੱਦਮਾਂ ਨੂੰ ਰਸਮੀ ਰੂਪ ਦੇਣ ਲਈ ‘ਉਦਯਮ ਪੋਰਟਲ) ’ਤੇ ਰਜਿਸਟ੍ਰੇਸ਼ਨ ਦੇ ਮਹੱਤਵ ਬਾਰੇ ਦੱਸਿਆ ਗਿਆ। ਉੱਥੇ ਹੀ, ਮੌਜੂਦਾ ਉੱਦਮੀਆਂ ਨੂੰ ਵਿਕਰੇਤਾ ਰਜਿਸਟ੍ਰੇਸ਼ਨ ਪ੍ਰਕਿਰਿਆ, ਲੋੜੀਂਦੇ ਦਸਤਾਵੇਜ਼ਾਂ, ਸੀਪੀਐਸਈ ਵੱਲੋਂ ਖਰੀਦੀਆਂ ਜਾਣ ਵਾਲੀਆਂ ਵਸਤੂਆਂ, ਈ-ਟੈਂਡਰਿੰਗ ਪ੍ਰਕਿਰਿਆ, ਕਰਜ਼ਾ ਸਹੂਲਤ ਵਿਕਲਪਾਂ ਅਤੇ ਕਾਰੋਬਾਰ ਦੇ ਵਿਸਤਾਰ ਤੇ ਸਥਿਰਤਾ ਲਈ ਬੈਂਕਾਂ ਰਾਹੀਂ ਉਪਲਬਧ ਸਬਸਿਡੀ ਦੇ ਤੱਤਾਂ ਬਾਰੇ ਵਿਸਤਾਰ ਨਾਲ ਜਾਣਕਾਰੀ ਦਿੱਤੀ ਗਈ।ਇਸ ਪ੍ਰੋਗਰਾਮ ਵਿੱਚ ਪਟਿਆਲਾ ਜ਼ਿਲ੍ਹੇ ਅਤੇ ਆਸ-ਪਾਸ ਦੇ ਖੇਤਰਾਂ ਤੋਂ 100 ਤੋਂ ਵੱਧ ਮੌਜੂਦਾ ਅਤੇ ਭਵਿੱਖ ਦੇ ਅਨੁਸੂਚਿਤ ਜਾਤੀ/ਅਨੁਸੂਚਿਤ ਜਨਜਾਤੀ ਉੱਦਮੀਆਂ ਨੇ ਭਾਗ ਲਿਆ। ਇਸ ਪ੍ਰੋਗਰਾਮ ਵਿੱਚ ਐਮਐਸਐਮਈ ਡੀਐਫਓ, ਲੁਧਿਆਣਾ ਦੇ ਨਿਰਦੇਸ਼ਕ ਸ੍ਰੀ ਪੰਕਜ ਝਾਅ; ਬੀਬੀਐਮਬੀ ਚੰਡੀਗੜ੍ਹ ਦੇ ਉਪ ਨਿਰਦੇਸ਼ਕ ਸ੍ਰੀ ਪੀਯੂਸ਼ ਚਤੁਰਵੇਦੀ ਅਤੇ ਸੁਸ਼੍ਰੀ ਹਰਕਿਰਨਜੀਤ ਕੌਰ; ਐਫਸੀਆਈ ਪਟਿਆਲਾ ਦੇ ਮੈਨੇਜਰ ਸ੍ਰੀ ਹਰਮਨਦੀਪ ਸਿੰਘ; ਅਲੀਮਕੋ (ALIMCO) ਕਾਨਪੁਰ ਤੋਂ ਸ੍ਰੀ ਸੰਪੂਰਨਾਨੰਦ ਮਿਸ਼ਰਾ ਅਤੇ ਸ੍ਰੀ ਸੌਰਭ ਅਵਸਥੀ; ਆਈਓਸੀਐਲਪਾਣੀਪਤ ਰਿਫਾਇਨਰੀ ਦੇ ਪ੍ਰਬੰਧਕ ਸ੍ਰੀ ਮਨੀਸ਼ ਕੁਮਾਰ; ਜੈਮ ਚੰਡੀਗੜ੍ਹ ਦੇ ਸੀਨੀਅਰ ਟ੍ਰੇਨਰ ਸ੍ਰੀ ਦੀਪਕ ਸ਼ਰਮਾ; ਐਸਬੀਆਈ ਐਲਡੀ ਪਟਿਆਲਾ ਦੇ ਏਜੀਐਮ ਸ੍ਰੀ ਯਸ਼ ਕੁਮਾਰ ਗਰਗ ਅਤੇ ਮੁੱਖ ਪ੍ਰਬੰਧਕ ਸ੍ਰੀ ਅਸ਼ੋਕ ਕੁਮਾਰ ਬੰਸਲ; ਡੀਆਈਸੀ ਪਟਿਆਲਾ ਦੇ ਆਈਪੀਆਰਓ ਸ੍ਰੀ ਰਣਜੀਤ ਸਿੰਘ; ਆਈਸੀਏਆਈ ਪਟਿਆਲਾ ਦੇ ਸੀਏ ਸ੍ਰੀ ਕ੍ਰਿਸ਼ਨ ਕੁਮਾਰ ਚੌਧਰੀ; ਪੰਜਾਬ ਅਨੁਸੂਚਿਤ ਜਾਤੀ ਵਿੱਤ ਨਿਗਮ, ਪਟਿਆਲਾ ਦੇ ਸਹਾਇਕ ਜ਼ਿਲ੍ਹਾ ਮੈਨੇਜਰ ਸ੍ਰੀ ਅੰਮ੍ਰਿਤਪਾਲ; ਅਤੇ ਆਰਐਸਈਟੀਆਈ, ਪਟਿਆਲਾ ਦੇ ਫੈਕਲਟੀ ਮੈਂਬਰ ਸ੍ਰੀ ਹਰਦੀਪ ਸਿੰਘ ਰਾਏ ਅਤੇ ਸ੍ਰੀ ਅਜੀਤੇਂਦਰ ਸਿੰਘ ਮੌਜੂਦ ਸਨ। ਆਪਣੇ ਉਦਘਾਟਨੀ ਸੰਬੋਧਨ ਵਿੱਚ, ਨੈਸ਼ਨਲ ਐਸਸੀ-ਐਸਟੀ ਹੱਬ, ਲੁਧਿਆਣਾ ਦੇ ਸ਼ਾਖਾ ਇੰਚਾਰਜ ਸ੍ਰੀ ਸੂਰਜ ਭੂਸ਼ਨ ਨੇ ਪ੍ਰੋਗਰਾਮ ਦੀ ਰੂਪਰੇਖਾ ਪੇਸ਼ ਕੀਤੀ ਅਤੇ ਭਾਰਤ ਸਰਕਾਰ ਦੀ ਜਨਤਕ ਖਰੀਦ ਨੀਤੀ ਬਾਰੇ ਜਾਣਕਾਰੀ ਦਿੱਤੀ, ਜਿਸ ਦੇ ਤਹਿਤ ਐਸਸੀ/ਐਸਟੀ ਮਾਲਕੀ ਵਾਲੇ ਐਮਐਸਈ ਤੋਂ 4% ਅਤੇ ਮਹਿਲਾ ਮਾਲਕੀ ਵਾਲੇ ਐਮਐਸਈ ਤੋਂ 3% ਜਨਤਕ ਖਰੀਦ ਲਾਜ਼ਮੀ ਕੀਤੀ ਗਈ ਹੈ। ਇਸ ਪ੍ਰੋਗਰਾਮ ਨੇ ਮੌਜੂਦਾ ਅਤੇ ਭਵਿੱਖ ਦੇ ਉੱਦਮੀਆਂ ਨੂੰ ਸੀਪੀਐਸਈ, ਐਮਐਸਐਮਈ, ਵਿੱਤੀ ਸੰਸਥਾਵਾਂ ਅਤੇ ਹੋਰ ਐਮਐਸਐਮਈ ਸਹਿਯੋਗੀ ਏਜੰਸੀਆਂ ਵਰਗੇ ਪ੍ਰਮੁੱਖ ਹਿੱਸੇਦਾਰਾਂ ਨਾਲ ਸਿੱਧੀ ਗੱਲਬਾਤ ਕਰਨ ਦਾ ਮੌਕਾ ਪ੍ਰਦਾਨ ਕੀਤਾ। ਤਕਨੀਕੀ ਸੈਸ਼ਨਾਂ ਵਿੱਚ ਐਮਐਸਐਮਈ, ਬੈਂਕਾਂ, ਸੀਪੀਐਸਈ ਅਤੇ ਜੈਮ ਦੇ ਨੁਮਾਇੰਦਿਆਂ ਨੇ ਵਿੱਤੀ ਸਹਾਇਤਾ, ਵਿਕਰੇਤਾ ਪੈਨਲ ਵਿੱਚ ਸੂਚੀਬੱਧ ਹੋਣ ਦੀਆਂ ਪ੍ਰਕਿਰਿਆਵਾਂ ਅਤੇ ਸਬੰਧਿਤ ਸੇਵਾਵਾਂ ਬਾਰੇ ਲਾਭਦਾਇਕ ਜਾਣਕਾਰੀ ਸਾਂਝੀ ਕੀਤੀ, ਜਿਸ ਨਾਲ ਐਮਐਸਐਮਈ ਈਕੋਸਿਸਟਮ ਵਿੱਚ ਸਹਿਯੋਗ ਨੂੰ ਹੋਰ ਮਜ਼ਬੂਤ ਕੀਤਾ ਗਿਆ।

## ਹਲਕਾ ਗਿੱਲ ਦੇ ਪਿੰਡਾਂ ਨੂੰ ਵਿਕਾਸ ਦੀ ਵੱਡੀ ਸੌਗਾਤ, ਐਮਐਲਏ ਜੀਵਨ ਸਿੰਘ ਸੰਗੋਵਾਲ ਨੇ ਠੱਕਰਵਾਲ ਅਤੇ ਲਲਤੋਂ ਖੁਰਦ ਲਈ ਗਰਾਂਟਾਂ ਦਾ ਕੀਤਾ ਐਲਾਨ

**ਲੁਧਿਆਣਾ, 16 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਹਲਕਾ ਗਿੱਲ ਦੇ ਐਮਐਲਏ ਜੀਵਨ ਸਿੰਘ ਸੰਗੋਵਾਲ ਨੇ ਆਪਣੇ ਤੂਫਾਨੀ ਪਿੰਡ ਦੌਰੇ ਦੌਰਾਨ ਪਿੰਡ ਠੱਕਰਵਾਲ ਅਤੇ ਲਲਤੋਂ ਖੁਰਦ ਦਾ ਦੌਰਾ ਕਰਦੇ ਹੋਏ ਵਿਕਾਸ ਕਾਰਜਾਂ ਲਈ ਗਰਾਂਟਾਂ ਦੀ ਸੌਗਾਤ ਦਿੱਤੀ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਐਮਐਲਏ ਸੰਗੋਵਾਲ ਨੇ ਪਿੰਡਾਂ ਦੇ ਸਰਪੰਚਾਂ ਅਤੇ ਪੰਚਾਇਤ ਨੁਮਾਇੰਦਿਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਪਹਿਲਾਂ ਜਾਰੀ ਕੀਤੀਆਂ ਗਰਾਂਟਾਂ ਦੀ ਰਕਮ ਨੂੰ ਵਿਕਾਸ ਕਾਰਜਾਂ ’ਤੇ ਤੁਰੰਤ ਖਰਚ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜਿਵੇਂ ਹੀ ਇਹ ਰਕਮ ਵਿਕਾਸ ਲਈ ਵਰਤੀ ਜਾਵੇਗੀ, ਉਸ ਤੋਂ ਬਾਅਦ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹੋਰ ਗਰਾਂਟਾਂ ਵੀ ਉਪਲਬਧ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਪਿੰਡਾਂ ਦਾ ਸਰਵਪੱਖੀ ਵਿਕਾਸ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ।

ਇਸ ਮੌਕੇ ਪਿੰਡਾਂ ਦੇ ਪਤਵੰਤੇ ਸੱਜਣਾਂ, ਪੰਚਾਇਤ ਮੈਂਬਰਾਂ ਅਤੇ ਆਮ ਆਦਮੀ ਪਾਰਟੀ ਦੇ ਮੁੱਖ ਅਹੁਦੇਦਾਰਾਂ ਨੇ ਵੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।

ਪਿੰਡ ਠੱਕਰਵਾਲ ਦੇ ਸਰਪੰਚ ਆਤਮਾ ਸਿੰਘ ਅਤੇ ਉਨ੍ਹਾਂ ਦੀ ਟੀਮ, ਜਦਕਿ ਪਿੰਡ ਲਲਤੋਂ ਖੁਰਦ ਵੱਲੋਂ ਸਰਪੰਚ ਪਤੀ ਦਿਲਰਾਜ ਸਿੰਘ ਨੇ ਐਮਐਲਏ ਜੀਵਨ ਸਿੰਘ ਸੰਗੋਵਾਲ ਦਾ ਭਰਵਾਂ ਸਵਾਗਤ ਕੀਤਾ ਅਤੇ ਪਿੰਡਾਂ ਦੇ ਵਿਕਾਸ ਲਈ ਦਿੱਤੇ ਜਾ ਰਹੇ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਪ੍ਰਗਟਾਇਆ।

SEA DESIGN COMPANY
Customized and Designer
- Wedding Invitations - Shagan Envelop
- Wedding Boxes & Cards - Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala



# ਹਰਿਆਣਾ ਖ਼ਬਰਨਾਮਾ



## ਸਵੱਛਤਾ ਨਾਲ ਹੋਵੇਗਾ ਇਤਿਹਾਸਕ ਪਲ ਦਾ ਸਵਾਗਤ, ਹਾਈਡ੍ਰੋਜਨ ਟ੍ਰੇਨ ਨਾਲ ਵਿਸ਼ਵ ਨਕਸ਼ੇ 'ਤੇ ਉਭਰੇਗਾ ਗੋਹਾਨਾ : ਡਾ. ਅਰਵਿੰਦ ਸ਼ਰਮਾ

**ਚੰਡੀਗੜ੍ਹ, 16 ਜੁਲਾਈ**
**-ਮਨੋਜ ਵਰਮਾ-**

ਹਰਿਆਣਾ ਦੇ ਸਹਿਕਾਰਤਾ, ਜੇਲ੍ਹ, ਚੋਣ, ਵਿਰਾਸਤ ਅਤੇ ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਸਵੱਛਤਾ ਸਿਰਫ਼ ਇੱਕ ਮੁਹਿੰਮ ਨਹੀਂ, ਸਗੋਂ ਨਾਗਰਿਕਾਂ ਦੀ ਸਮੂਹਿਕ ਜ਼ਿੰਮੇਵਾਰੀ ਹੈ। ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਦੇ ਇਤਿਹਾਸਕ ਸੰਚਾਲਨ ਤੋਂ ਪਹਿਲਾਂ ਗੋਹਾਨਾ ਰੇਲਵੇ ਜੰਕਸ਼ਨ 'ਤੇ ਵੀਰਵਾਰ ਨੂੰ ਆਯੋਜਿਤ 'ਸਵੱਛਤਾ ਨਾਲ ਸਵਾਗਤ' ਮੁਹਿੰਮ ਤਹਿਤ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਆਪਣੀ ਧਰਮਪਤਨੀ ਡਾ. ਗੀਤਾ ਸ਼ਰਮਾ ਅਤੇ ਵਰਕਰਾਂ ਨਾਲ ਖੁਦ ਝਾੜੂ ਲਗਾ ਕੇ ਵਿਸ਼ੇਸ਼ ਸਵੱਛਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਅਤੇ ਸ਼ਰਮਦਾਨ ਕਰਕੇ ਰੇਲਵੇ ਕੰਪਲੈਕਸ ਨੂੰ ਸਾਫ਼ ਬਣਾਉਣ ਦਾ ਸੰਦੇਸ਼ ਦਿੱਤਾ।

ਇਸ ਮੌਕੇ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਭਾਰਤੀ ਸੰਸਕ੍ਰਿਤੀ ਵਿੱਚ ਮਹਿਮਾਨ ਦਾ ਸਵਾਗਤ ਸਰਵਉੱਚ ਪਰੰਪਰਾ ਰਹੀ ਹੈ। ਅਸੀਂ ਰੋਜ਼ਾਨਾ ਆਪਣੇ ਘਰ ਦੀ ਸਾਫ਼-ਸਫਾਈ ਕਰਦੇ ਹਾਂ, ਪਰ ਜਦੋਂ ਕੋਈ ਵਿਸ਼ੇਸ਼ ਮਹਿਮਾਨ ਆਉਣ ਵਾਲਾ ਹੁੰਦਾ ਹੈ ਤਾਂ ਪੂਰੇ ਉਤਸ਼ਾਹ ਅਤੇ ਸਮਰਪਣ ਨਾਲ ਘਰ ਨੂੰ ਸਜਾਉਂਦੇ-ਸੰਵਾਰਦੇ ਹਾਂ। 17 ਜੁਲਾਈ ਨੂੰ ਜਦੋਂ ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਪਹਿਲੀ ਵਾਰ ਗੋਹਾਨਾ ਰੇਲਵੇ ਸਟੇਸ਼ਨ ਪਹੁੰਚੇਗੀ, ਉਦੋਂ ਇਹ ਸਿਰਫ਼ ਇੱਕ ਟ੍ਰੇਨ ਦਾ ਆਗਮਨ ਨਹੀਂ ਹੋਵੇਗਾ, ਸਗੋਂ ਆਧੁਨਿਕ ਭਾਰਤ ਦੇ ਇਤਿਹਾਸ ਦਾ ਸੁਨਹਿਰੀ ਪਲ ਹੋਵੇਗਾ। ਇਸੇ ਭਾਵਨਾ ਨਾਲ ਅੱਜ ਰੇਲਵੇ ਸਟੇਸ਼ਨ 'ਤੇ ਵਿਸ਼ੇਸ਼ ਸਵੱਛਤਾ ਮੁਹਿੰਮ ਚਲਾਈ ਗਈ ਹੈ। ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਭਾਰਤ ਹਰੀ ਊਰਜਾ ਅਤੇ ਆਧੁਨਿਕ ਤਕਨੀਕ ਦੇ ਖੇਤਰ ਵਿੱਚ ਲਗਾਤਾਰ ਨਵੇਂ ਕੀਰਤੀਮਾਨ ਸਥਾਪਿਤ ਕਰ ਰਿਹਾ ਹੈ। ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਦਾ ਸੰਚਾਲਨ ਉਸੇ ਦੂਰਦਰਸ਼ੀ ਸੋਚ ਦਾ ਨਤੀਜਾ ਹੈ। ਇਸ ਪ੍ਰੋਜੈਕਟ ਨਾਲ ਗੋਹਾਨਾ ਨੂੰ ਰਾਸ਼ਟਰੀ ਹੀ ਨਹੀਂ, ਸਗੋਂ ਵਿਸ਼ਵ ਪੱਧਰੀ ਪਛਾਣ ਵੀ ਮਿਲੇਗੀ ਅਤੇ ਇਹ ਸ਼ਹਿਰ ਆਧੁਨਿਕ ਅਤੇ ਸਾਫ਼ ਆਵਾਜਾਈ ਪ੍ਰਣਾਲੀ ਦੀ ਨਵੀਂ ਪਛਾਣ ਬਣੇਗਾ।

ਸਹਿਕਾਰਤਾ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ 17 ਜੁਲਾਈ ਨੂੰ ਜੀਂਦ ਤੋਂ ਦੇਸ਼ ਦੀ ਪਹਿਲੀ ਈਕੋ-ਫ੍ਰੈਂਡਲੀ ਹਾਈਡ੍ਰੋਜਨ ਟ੍ਰੇਨ ਦਾ ਉਦਘਾਟਨ ਕਰਨਗੇ। ਇਸ ਇਤਿਹਾਸਕ ਮੌਕੇ 'ਤੇ ਜੀਂਦ ਵਿੱਚ ਵਿਸ਼ਾਲ ਈਕੋ-ਫ੍ਰੈਂਡਲੀ ਰੈਲੀ ਦਾ ਆਯੋਜਨ ਵੀ ਕੀਤਾ ਜਾਵੇਗਾ, ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਦੀ ਭਾਗੀਦਾਰੀ ਹੋਵੇਗੀ। ਉਨ੍ਹਾਂ ਨੇ ਕਿਹਾ ਕਿ ਇਸ ਸਵਦੇਸ਼ੀ, ਪ੍ਰਦੂਸ਼ਣ-ਮੁਕਤ ਅਤੇ ਵਾਤਾਵਰਣ-ਅਨੁਕੂਲ ਟ੍ਰੇਨ ਨੂੰ ਲੈ ਕੇ ਪੂਰੇ ਖੇਤਰ ਵਿੱਚ ਬੇਮਿਸਾਲ ਉਤਸ਼ਾਹ ਹੈ ਅਤੇ ਲੋਕ ਇਸ ਇਤਿਹਾਸਕ ਪਲ ਦੇ ਗਵਾਹ ਬਣਨ ਲਈ ਉਤਸੁਕ ਹਨ। ਡਾ. ਸ਼ਰਮਾ ਨੇ ਨਾਗਰਿਕਾਂ ਨੂੰ ਸੱਦਾ ਦਿੱਤਾ ਕਿ ਉਹ ਸਵੱਛਤਾ ਨੂੰ ਸਿਰਫ਼ ਇੱਕ ਮੁਹਿੰਮ ਨਹੀਂ, ਸਗੋਂ ਆਪਣੀ ਰੋਜ਼ਾਨਾ ਜੀਵਨ ਸ਼ੈਲੀ ਦਾ ਹਿੱਸਾ ਬਣਾਉਣ। ਉਨ੍ਹਾਂ ਨੇ ਕਿਹਾ ਕਿ ਸਾਫ਼ ਵਾਤਾਵਰਣ ਹੀ ਸਿਹਤਮੰਦ ਸਮਾਜ ਅਤੇ ਵਿਕਸਤ ਰਾਸ਼ਟਰ ਦੀ ਨੀਂਹ ਹੈ। ਜੇਕਰ ਹਰ ਨਾਗਰਿਕ ਆਪਣੇ ਆਲੇ-ਦੁਆਲੇ ਸਵੱਛਤਾ ਬਣਾਈ ਰੱਖਣ ਦਾ ਸੰਕਲਪ ਲਵੇ, ਤਾਂ ਦੇਸ਼ ਨੂੰ ਸਾਫ਼ ਅਤੇ ਵਿਕਸਤ ਬਣਾਉਣ ਦਾ ਟੀਚਾ ਹੋਰ ਵੀ ਤੇਜ਼ੀ ਨਾਲ ਪੂਰਾ ਕੀਤਾ ਜਾ ਸਕਦਾ ਹੈ।

## ਮੇਵਾਤ ਵਿਕਾਸ ਏਜੰਸੀ ਦੇ ਡਿਪਟੀ ਸੀਈਓ ਲਈ ਲਿੰਕ ਅਧਿਕਾਰੀ ਨਾਮਜ਼ਦ

**ਚੰਡੀਗੜ੍ਹ, 16 ਜੁਲਾਈ**
**-ਸੰਜੀਵ ਸ਼ਰਮਾ-**

ਹਰਿਆਣਾ ਸਰਕਾਰ ਨੇ ਮੇਵਾਤ ਵਿਕਾਸ ਏਜੰਸੀ, ਨੂਹ ਦੇ ਉਪ ਮੁੱਖ ਕਾਰਜਕਾਰੀ ਅਧਿਕਾਰੀ (ਡਿਪਟੀ ਸੀਈਓ) ਦੀ ਗੈਰ-ਮੌਜੂਦਗੀ ਵਿੱਚ ਕੰਮਕਾਜ ਨੂੰ ਸੁਚਾਰੂ ਰੂਪ ਨਾਲ ਚਲਾਉਣ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਲਿੰਕ ਅਧਿਕਾਰੀ ਨਾਮਜ਼ਦ ਕੀਤੇ ਹਨ।

ਮੁੱਖ ਸਕੱਤਰ ਦੇ ਦਫ਼ਤਰ ਵੱਲੋਂ ਜਾਰੀ ਆਦੇਸ਼ਾਂ ਅਨੁਸਾਰ ਸਿਟੀ ਮੈਜਿਸਟ੍ਰੇਟ, ਨੂਹ ਨੂੰ ਲਿੰਕ ਅਧਿਕਾਰੀ-1 ਅਤੇ ਉਪ ਮੰਡਲ ਅਧਿਕਾਰੀ (ਨਾਗਰਿਕ), ਨੂਹ ਨੂੰ ਲਿੰਕ ਅਧਿਕਾਰੀ-2 ਨਿਯੁਕਤ ਕੀਤਾ ਗਿਆ ਹੈ।

ਇਹ ਲਿੰਕ ਅਧਿਕਾਰੀ ਸਬੰਧਤ ਅਧਿਕਾਰੀ ਦੇ ਛੁੱਟੀ, ਸਿਖਲਾਈ, ਦੌਰੇ ਜਾਂ ਚੋਣ ਡਿਊਟੀ 'ਤੇ ਰਹਿਣ ਦੀ ਸਥਿਤੀ ਵਿੱਚ ਅਤੇ ਤਬਾਦਲੇ, ਸੇਵਾਮੁਕਤੀ ਜਾਂ ਕਿਸੇ ਹੋਰ ਕਾਰਨ ਕਰਕੇ ਅਹੁਦਾ ਖਾਲੀ ਹੋਣ ਦੀ ਸਥਿਤੀ ਵਿੱਚ ਕੰਮਕਾਜ ਦੇਖਣਗੇ।

ਆਦੇਸ਼ ਵਿੱਚ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਸਬੰਧਤ ਅਧਿਕਾਰੀ ਛੁੱਟੀ, ਸਿਖਲਾਈ, ਦੌਰੇ ਜਾਂ ਚੋਣ ਡਿਊਟੀ 'ਤੇ ਜਾਣ ਤੋਂ ਪਹਿਲਾਂ ਨਾਮਜ਼ਦ ਲਿੰਕ ਅਧਿਕਾਰੀਆਂ ਨੂੰ ਇਸ ਦੀ ਸੂਚਨਾ ਦੇਣਾ ਯਕੀਨੀ ਬਣਾਉਣਗੇ।

## ਦੱਖਣੀ ਹਰਿਆਣਾ ਨੂੰ ਮਿਲੇਗੀ ਆਧੁਨਿਕ ਇਲਾਜ ਅਤੇ ਹਰੀ ਰੇਲ ਦੀ ਸੌਗਾਤ, ਮੋਦੀ ਕਰਨਗੇ ਵੱਡੇ ਪ੍ਰੋਜੈਕਟਾਂ ਦਾ ਲੋਕਅਰਪਣ

**ਚੰਡੀਗੜ੍ਹ, 16 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਕਿਹਾ ਕਿ ਹਰਿਆਣਾ ਦੇ ਵਿਕਾਸ ਅਤੇ ਜਨਤਕ ਸਹੂਲਤਾਂ ਦੇ ਵਿਸਥਾਰ ਦੇ ਲਿਹਾਜ਼ ਨਾਲ ਆਉਣ ਵਾਲਾ 17 ਜੁਲਾਈ ਦਾ ਦਿਨ ਬਹੁਤ ਮਹੱਤਵਪੂਰਨ ਹੋਣ ਜਾ ਰਿਹਾ ਹੈ। ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਆਪਣੇ ਆਗਾਮੀ ਦੌਰੇ ਦੌਰਾਨ ਸੂਬੇ ਨੂੰ ਸਿਹਤ ਸੇਵਾਵਾਂ ਅਤੇ ਆਧੁਨਿਕ ਬੁਨਿਆਦੀ ਢਾਂਚੇ ਨਾਲ ਜੁੜੇ ਕਈ ਅਹਿਮ ਵਿਕਾਸ ਪ੍ਰੋਜੈਕਟਾਂ ਦੀ ਸੌਗਾਤ ਦੇਣਗੇ। ਇਨ੍ਹਾਂ ਪ੍ਰੋਜੈਕਟਾਂ ਵਿੱਚ ਜੀਂਦ-ਸੋਨੀਪਤ ਰੇਲਖੰਡ 'ਤੇ ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਦੀ ਸ਼ੁਰੂਆਤ ਦੇ ਨਾਲ-ਨਾਲ ਦੱਖਣੀ ਹਰਿਆਣਾ ਲਈ ਬਹੁ-ਉਡੀਕਿਤ ਭਿਵਾਨੀ ਮੈਡੀਕਲ ਕਾਲਜ ਅਤੇ ਮਹਿੰਦਰਗੜ੍ਹ ਦੇ ਕੋਰੀਆਵਾਸ ਮੈਡੀਕਲ ਕਾਲਜ ਦਾ ਲੋਕਅਰਪਣ ਵੀ ਸ਼ਾਮਲ ਹੈ।

ਸਿਹਤ ਮੰਤਰੀ ਨੇ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰ ਦੇ ਸਾਂਝੇ ਯਤਨਾਂ ਨਾਲ ਸੂਬੇ ਵਿੱਚ ਜਨ-ਕਲਿਆਣਕਾਰੀ ਯੋਜਨਾਵਾਂ ਅਤੇ ਸਹੂਲਤਾਂ ਨੂੰ ਜ਼ਮੀਨੀ ਪੱਧਰ 'ਤੇ ਉਤਾਰਿਆ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਭਿਵਾਨੀ ਅਤੇ ਕੋਰੀਆਵਾਸ ਵਿੱਚ ਨਵੇਂ ਮੈਡੀਕਲ ਕਾਲਜਾਂ ਦੇ ਸ਼ੁਰੂ ਹੋਣ ਨਾਲ ਖੇਤਰ ਦੇ ਲੋਕਾਂ ਨੂੰ ਇਲਾਜ ਲਈ ਹੁਣ ਵੱਡੇ ਸ਼ਹਿਰਾਂ ਵੱਲ ਰੁਖ ਨਹੀਂ ਕਰਨਾ ਪਵੇਗਾ, ਜਿਸ ਨਾਲ ਸਮਾਂ ਅਤੇ ਪੈਸਾ ਦੋਵਾਂ ਦੀ ਬਚਤ ਹੋਵੇਗੀ। ਇਸ ਤੋਂ ਇਲਾਵਾ ਸਥਾਨਕ ਨੌਜਵਾਨਾਂ ਨੂੰ ਡਾਕਟਰੀ ਸਿੱਖਿਆ ਦੇ ਬਿਹਤਰ ਮੌਕੇ ਵੀ ਮਿਲ ਸਕਣਗੇ।

ਵਾਤਾਵਰਣ ਅਤੇ ਤਕਨੀਕ ਦੇ ਖੇਤਰ ਵਿੱਚ ਇਸ ਦੌਰੇ ਨੂੰ ਇਤਿਹਾਸਕ ਦੱਸਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਜੀਂਦ-ਸੋਨੀਪਤ ਮਾਰਗ 'ਤੇ ਦੇਸ਼ ਦੀ ਪਹਿਲੀ ਹਾਈਡ੍ਰੋਜਨ ਬਾਲਣ ਨਾਲ ਚੱਲਣ ਵਾਲੀ ਟ੍ਰੇਨ ਦਾ ਸੰਚਾਲਨ ਸ਼ੁਰੂ ਹੋਣਾ ਪੂਰੇ ਦੇਸ਼ ਲਈ ਮਾਣ ਵਾਲੀ ਗੱਲ ਹੈ। ਇਹ ਕਦਮ ਨਾ ਸਿਰਫ਼ ਪ੍ਰਦੂਸ਼ਣ ਨੂੰ ਘੱਟ ਕਰਨ ਵਿੱਚ ਸਹਾਇਕ ਹੋਵੇਗਾ, ਸਗੋਂ ਭਵਿੱਖ ਦੇ ਗ੍ਰੀਨ ਟ੍ਰਾਂਸਪੋਰਟ ਦੀ ਦਿਸ਼ਾ ਵਿੱਚ ਇੱਕ ਨਵਾਂ ਰਾਹ ਵੀ ਪੱਧਰਾ ਕਰੇਗਾ। ਉਨ੍ਹਾਂ ਨੇ ਕਿਹਾ ਕਿ ਸੜਕਾਂ ਦੇ ਮਜ਼ਬੂਤੀਕਰਨ, ਰੇਲ ਨੈੱਟਵਰਕ ਦੇ ਆਧੁਨਿਕੀਕਰਨ ਅਤੇ ਚਿਕਿਤਸਾ ਤੰਤਰ ਨੂੰ ਮਜ਼ਬੂਤ ਕਰਨ ਲਈ ਚੁੱਕੇ ਜਾ ਰਹੇ ਇਹ ਕਦਮ ਆਉਣ ਵਾਲੇ ਸਮੇਂ ਵਿੱਚ ਸੂਬੇ ਦੀ ਤਰੱਕੀ ਨੂੰ ਨਵੀਂ ਦਿਸ਼ਾ ਦੇਣਗੇ।

## ਸੰਭਾਵੀ ਹੜ੍ਹਾਂ ਨਾਲ ਨਜਿੱਠਣ ਲਈ ਪ੍ਰਸ਼ਾਸਨ ਸਰਗਰਮ



**ਫਰੀਦਾਬਾਦ, 16 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬੱਲਭਗੜ੍ਹ ਦੇ ਡਿਪਟੀ ਕਮਿਸ਼ਨਰ ਪੁਲੀਸ ਪ੍ਰਤੀਕ ਅਗਰਵਾਲ ਨੇ ਅੱਜ ਬੱਲਭਗੜ੍ਹ ਜ਼ੋਨ ਵਿੱਚ ਪੈਂਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰ ਕੇ ਸੁਰੱਖਿਆ ਅਤੇ ਰਾਹਤ ਪ੍ਰਬੰਧਾਂ ਦਾ ਜਾਇਜ਼ਾ ਲਿਆ। ਨਿਰੀਖਣ ਦੌਰਾਨ ਉਨ੍ਹਾਂ ਨੇ ਸੰਭਾਵੀ ਹੜ੍ਹ ਦੀ ਸਥਿਤੀ ਨਾਲ ਨਜਿੱਠਣ ਲਈ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ। ਇਸ ਮੌਕੇ ਤਿਗਾਓਂ ਦੇ ਏ ਸੀ ਪੀ ਅਸ਼ੋਕ ਕੁਮਾਰ ਸਮੇਤ ਛਾਇੰਸਾ ਅਤੇ ਤਿਗਾਓਂ ਦੇ ਐੱਸ ਐੱਚ ਓ ਅਤੇ ਹੋਰ ਪੁਲੀਸ ਅਧਿਕਾਰੀ ਵੀ ਮੌਜੂਦ ਸਨ।ਡਿਪਟੀ ਕਮਿਸ਼ਨਰ ਨੇ ਥਾਣਾ ਮੁਖੀਆਂ ਨੂੰ ਸੰਵੇਦਨਸ਼ੀਲ ਥਾਵਾਂ ਉੱਤੇ ਪੁਲੀਸ ਮੁਲਾਜ਼ਮਾਂ ਦੀ ਤਾਇਨਾਤੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪਾਣੀ ਦਾ ਪੱਧਰ ਵਧਣ ਦੀ ਸਥਿਤੀ ਵਿੱਚ ਇਨ੍ਹਾਂ ਥਾਵਾਂ ਉੱਤੇ ਲਗਾਤਾਰ ਚੌਕਸੀ ਰੱਖੀ ਜਾਵੇ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕ ਕੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਤਿਗਾਓਂ ਅਤੇ ਛਾਇੰਸਾ ਪੁਲੀਸ ਨੂੰ ਆਪਣੇ ਅਧਿਕਾਰ ਖੇਤਰ ਦੇ ਪਿੰਡਾਂ ਦੇ ਸਰਪੰਚਾਂ ਅਤੇ ਪ੍ਰਸ਼ਾਸਨ ਨਾਲ ਬਿਹਤਰ ਤਾਲਮੇਲ ਕਾਇਮ ਕਰਨ ਲਈ ਕਿਹਾ।

ਅਧਿਕਾਰੀਆਂ ਨੂੰ ਸਪੱਸ਼ਟ ਕੀਤਾ ਗਿਆ ਕਿ ਹੰਗਾਮੀ ਸਥਿਤੀ ਵਿੱਚ ਜਾਣਕਾਰੀ ਤੁਰੰਤ ਸਾਂਝੀ ਕੀਤੀ ਜਾਵੇ ਤਾਂ ਜੋ ਬਚਾਅ ਕਾਰਜਾਂ ਵਿੱਚ ਦੇਰੀ ਨਾ ਹੋਵੇ। ਉਨ੍ਹਾਂ ਕਿਹਾ ਕਿ ਜੇਕਰ ਯਮੁਨਾ ਨਦੀ ਦਾ ਪਾਣੀ ਵਧਦਾ ਹੈ, ਤਾਂ ਫਰੀਦਾਬਾਦ ਪ੍ਰਸ਼ਾਸਨ ਨਾਲ ਸੰਪਰਕ ਕਰਕੇ ਪ੍ਰਭਾਵਿਤ ਲੋਕਾਂ ਦੇ ਰਹਿਣ ਲਈ ਸਕੂਲਾਂ ਅਤੇ ਧਰਮਸ਼ਾਲਾਵਾਂ ਵਰਗੀਆਂ ਸੁਰੱਖਿਅਤ ਥਾਵਾਂ ਦਾ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਲੋਕਾਂ ਨੂੰ ਸਮੇਂ ਸਿਰ ਸੁਰੱਖਿਅਤ ਥਾਵਾਂ ਉੱਤੇ ਕਾਰਜ ਯੋਜਨਾ ਤਿਆਰ ਕਰਨ ਦੀ ਹਦਾਇਤ ਕੀਤੀ।

## ਪ੍ਰਧਾਨ ਮੰਤਰੀ ਮੋਦੀ ਦਾ ਦਾ ਦੌਰਾ ਹਰਿਆਣਾ ਦੇ ਵਿਕਾਸ ਨੂੰ ਦੇਵੇਗਾ ਨਵੀਂ ਰ਼ਫਤਾਰ : ਖੇਤੀਬਾੜੀ ਮੰਤਰੀ ਸ਼ਿਆਮ ਸਿੰਘ ਰਾਣਾ

**ਚੰਡੀਗੜ੍ਹ, 16 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਖੇਤੀਬਾੜੀ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦਾ ਅੱਜ ਜੀਂਦ ਆਗਮਨ ਹਰਿਆਣਾ ਦੇ ਵਿਕਾਸ ਇਤਿਹਾਸ ਵਿੱਚ ਇੱਕ ਮਹੱਤਵਪੂਰਨ ਪੜਾਅ ਸਾਬਤ ਹੋਵੇਗਾ। ਪ੍ਰਧਾਨ ਮੰਤਰੀ ਜੀਂਦ ਦੀ ਧਰਤੀ ਤੋਂ ਸੂਬੇ ਨੂੰ ਹਜ਼ਾਰਾਂ ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦੀ ਸੌਗਾਤ ਦੇਣਗੇ ਅਤੇ ਦੇਸ਼ ਦੀ ਪਹਿਲੀ ਹਾਈਡ੍ਰੋਜਨ ਅਧਾਰਤ ਟ੍ਰੇਨ ਨੂੰ ਹਰੀ ਝੰਡੀ ਦਿਖਾ ਕੇ ਭਾਰਤ ਨੂੰ ਹਰਿਤ ਅਤੇ ਆਧੁਨਿਕ ਆਵਾਜਾਈ ਦੇ ਨਵੇਂ ਯੁੱਗ ਵਿੱਚ ਪ੍ਰਵੇਸ਼ ਕਰਾਉਣਗੇ। ਉਨ੍ਹਾਂ ਕਿਹਾ ਕਿ ਜੀਂਦ ਵਿੱਚ ਪਹਿਲੀ ਵਾਰ ਈਕੋ ਫ੍ਰੈਂਡਲੀ ਰੈਲੀ ਹੋਵੇਗੀ, ਜਿਸ ਨੂੰ ਲੈ ਕੇ ਆਮ ਜਨਤਾ ਅਤੇ ਵਰਕਰਾਂ ਵਿੱਚ ਭਰਪੂਰ ਉਤਸ਼ਾਹ ਹੈ।

ਖੇਤੀਬਾੜੀ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਅਤੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ ਸਰਕਾਰ ਵਿਕਾਸ ਦੇ ਨਵੇਂ ਆਯਾਮ ਸਥਾਪਿਤ ਕਰ ਰਹੀ ਹੈ। ਡਬਲ ਇੰਜਣ ਸਰਕਾਰ ਦੀਆਂ ਨੀਤੀਆਂ ਦਾ ਨਤੀਜਾ ਹੈ ਕਿ ਅੱਜ ਹਰਿਆਣਾ ਦੇਸ਼ ਦੇ ਸਭ ਤੋਂ ਤੇਜ਼ੀ ਨਾਲ ਵਿਕਸਤ ਹੋਣ ਵਾਲੇ ਰਾਜਾਂ ਵਿੱਚ ਸ਼ਾਮਲ ਹੈ। ਜੀਂਦ ਤੋਂ ਗੋਹਾਨਾ ਹੁੰਦੇ ਹੋਏ ਸੋਨੀਪਤ ਤੱਕ ਚੱਲਣ ਵਾਲੀ ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਹਰਿਆਣਾ ਲਈ ਮਾਣ ਦਾ ਵਿਸ਼ਾ ਹੈ। ਇਹ ਸਿਰਫ਼ ਇੱਕ ਰੇਲ ਪ੍ਰੋਜੈਕਟ ਨਹੀਂ, ਸਗੋਂ ਸਵੱਛ ਊਰਜਾ, ਵਾਤਾਵਰਣ ਸੁਰੱਖਿਆ ਅਤੇ ਗ੍ਰੀਨ ਟੈਕਨਾਲੋਜੀ ਦੀ ਦਿਸ਼ਾ ਵਿੱਚ ਭਾਰਤ ਦੇ ਵਧਦੇ ਕਦਮਾਂ ਦਾ ਪ੍ਰਤੀਕ ਹੈ। ਹਾਈਡ੍ਰੋਜਨ ਟ੍ਰੇਨ ਰਾਹੀਂ ਹਰਿਆਣਾ ਦੇਸ਼ ਦੇ ਹਾਈਡ੍ਰੋਜਨ ਹੱਬ ਵਜੋਂ ਆਪਣੀ ਪਛਾਣ ਬਣਾਉਣ ਦੀ ਦਿਸ਼ਾ ਵਿੱਚ ਅੱਗੇ ਵਧੇਗਾ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦਾ ਹਰਿਆਣਾ ਦੌਰਾ ਹਰਿਆਣਾ ਸੂਬੇ ਵਿੱਚ ਰਿਕਾਰਡ ਇਨਫਰਾਸਟ੍ਰਕਚਰ ਨਿਵੇਸ਼ ਦੀ ਨਿਰੰਤਰਤਾ ਨੂੰ ਦਰਸਾਉਂਦਾ ਹੈ। ਰੇਲ, ਸੜਕ, ਸਿਹਤ ਅਤੇ ਸੈਰ-ਸਪਾਟਾ ਵਰਗੇ ਮਹੱਤਵਪੂਰਨ ਖੇਤਰਾਂ ਵਿੱਚ ਇੱਕੋ ਸਮੇਂ ਵੱਡੇ ਪ੍ਰੋਜੈਕਟ ਸ਼ੁਰੂ ਹੋਣ ਨਾਲ ਹਰਿਆਣਾ ਦੇ ਵਿਕਾਸ ਨੂੰ ਨਵੀਂ ਗਤੀ ਮਿਲੇਗੀ। ਇਨ੍ਹਾਂ ਪ੍ਰੋਜੈਕਟਾਂ ਨਾਲ ਉਦਯੋਗ, ਵਪਾਰ, ਨਿਵੇਸ਼ ਅਤੇ ਰੋਜ਼ਗਾਰ ਦੇ ਮੌਕਿਆਂ ਵਿੱਚ ਤੇਜ਼ੀ ਆਵੇਗੀ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਸਿਰਫ ਐਲਾਨਾਂ ਤੱਕ ਸੀਮਤ ਰਹਿਣ ਵਾਲੇ ਨਹੀਂ ਹਨ, ਸਗੋਂ ਯੋਜਨਾਵਾਂ ਨੂੰ ਸਮਾਂਬੱਧ ਢੰਗ ਨਾਲ ਪੂਰਾ ਕਰਕੇ ਜਨਤਾ ਨੂੰ ਉਸਦਾ ਲਾਭ ਪਹੁੰਚਾਉਣ ਵਿੱਚ ਵਿਸ਼ਵਾਸ ਰੱਖਦੇ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਹਰਿਆਣਾ ਆਧੁਨਿਕ ਬੁਨਿਆਦੀ ਢਾਂਚੇ, ਪਾਰਦਰਸ਼ੀ ਪ੍ਰਸ਼ਾਸਨ ਅਤੇ ਸੁਸ਼ਾਸਨ ਦਾ ਮਾਡਲ ਬਣ ਰਿਹਾ ਹੈ।

ਉਨ੍ਹਾਂ ਕਿਹਾ ਕਿ 17 ਜੁਲਾਈ ਨੂੰ ਜੀਂਦ ਵਿੱਚ ਹੋਣ ਵਾਲੀ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਜਨਸਭਾ ਵਿਕਾਸ, ਵਿਸ਼ਵਾਸ ਅਤੇ ਜਨਭਾਗੀਦਾਰੀ ਦਾ ਵੱਡਾ ਸੰਦੇਸ਼ ਦੇਵੇਗੀ। ਇਹ ਦਿਨ ਹਰਿਆਣਾ ਦੇ ਇਤਿਹਾਸ ਵਿੱਚ ਸੁਨਹਿਰੀ ਅਧਿਆਇ ਵਜੋਂ ਦਰਜ ਹੋਵੇਗਾ, ਜਦੋਂ ਸੂਬੇ ਨੂੰ ਨਵੀਂ ਊਰਜਾ, ਨਵੀਂ ਗਤੀ ਅਤੇ ਨਵੇਂ ਮੌਕਿਆਂ ਦੀ ਸੌਗਾਤ ਮਿਲੇਗੀ।

## ਕ੍ਰਿਸ਼ਨ ਕੁਮਾਰ ਬੇਦੀ ਵੱਲੋਂ ਸਵੱਛਤਾ ਮੁਹਿੰਮ ਦੀ ਸ਼ੁਰੂਆਤ



**ਰਤੀਆ, 16 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਕੈਬਨਿਟ ਮੰਤਰੀ ਕ੍ਰਿਸ਼ਨ ਕੁਮਾਰ ਬੇਦੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 17 ਜੁਲਾਈ ਦੇ ਹਰਿਆਣਾ ਦੌਰੇ ਨੂੰ ਇਤਿਹਾਸਕ ਕਰਾਰ ਦਿੱਤਾ ਹੈ। ਉਨ੍ਹਾਂ ਸੂਬਾ ਵਾਸੀਆਂ ਨੂੰ ਇਸ ਮੌਕੇ ਨੂੰ ਯਾਦਗਾਰ ਬਣਾਉਣ ਦੀ ਅਪੀਲ ਕੀਤੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਦੇ ਸਵਾਗਤ ਲਈ ਸ਼ੁਰੂ ਕੀਤੀ ਗਈ ਸਵੱਛਤਾ ਹੀ ਸਵਾਗਤ ਮੁਹਿੰਮ ਲੋਕ ਭਾਗੀਦਾਰੀ ਦਾ ਪ੍ਰਤੀਕ ਹੈ। ਹਰ ਨਾਗਰਿਕ ਨੂੰ ਇਸ ਮੁਹਿੰਮ ਨਾਲ ਜੁੜ ਕੇ ਆਪਣੇ ਪਿੰਡ, ਸ਼ਹਿਰ ਅਤੇ ਮੁਹੱਲੇ ਨੂੰ ਸਾਫ਼-ਸੁਥਰਾ ਬਣਾਉਣ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ।

ਇਸ ਦੌਰਾਨ ਫਤਿਹਾਬਾਦ ਵਿੱਚ ਕ੍ਰਿਸ਼ਨ ਕੁਮਾਰ ਬੇਦੀ ਨੇ ਸਫ਼ਾਈ ਕੀਤੀ ਅਤੇ ਲੋਕਾਂ ਨੂੰ ਜਾਗਰੂਕ ਰਹਿਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਸਫ਼ਾਈ ਸਿਰਫ਼ ਸਰਕਾਰ ਦੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਨਾਗਰਿਕ ਦਾ ਫ਼ਰਜ਼ ਹੈ। ਜੇ ਹਰ ਵਿਅਕਤੀ ਆਪਣੇ ਆਲੇ-ਦੁਆਲੇ ਦੀ ਸਫ਼ਾਈ ਦਾ ਧਿਆਨ ਰੱਖੇ ਤਾਂ ਪੂਰੇ ਸਮਾਜ ਨੂੰ ਸਿਹਤਮੰਦ ਬਣਾਇਆ ਜਾ ਸਕਦਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਸ਼ੁਰੂ ਹੋਇਆ ਸਵੱਛ ਭਾਰਤ ਅਭਿਆਨ ਅੱਜ ਵਿਆਪਕ ਜਨ ਅੰਦੋਲਨ ਦਾ ਰੂਪ ਧਾਰ ਚੁੱਕਾ ਹੈ। ਇਸ ਮੁਹਿੰਮ ਨੇ ਦੇਸ਼ ਦੇ ਕਰੋੜਾਂ ਲੋਕਾਂ ਨੂੰ ਸਫ਼ਾਈ ਪ੍ਰਤੀ ਜਾਗਰੂਕ ਕੀਤਾ ਹੈ ਅਤੇ ਹਰਿਆਣਾ ਸਰਕਾਰ ਵੀ ਇਸੇ ਸੰਕਲਪ ਨਾਲ ਸੂਬੇ ਨੂੰ ਸਾਫ਼-ਸੁਥਰਾ ਤੇ ਵਿਕਸਤ ਬਣਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।

ਪ੍ਰਧਾਨ ਮੰਤਰੀ ਦੇ ਦੌਰੇ ਦੇ ਮੱਦੇਨਜ਼ਰ ਸੂਬੇ ਭਰ ਵਿੱਚ ਚਲਾਈ ਜਾ ਰਹੀ ਇਹ ਵਿਸ਼ੇਸ਼ ਮੁਹਿੰਮ ਪੂਰੇ ਹਫ਼ਤੇ ਤੱਕ ਜਾਰੀ ਰਹੇਗੀ। ਕ੍ਰਿਸ਼ਨ ਕੁਮਾਰ ਬੇਦੀ ਨੇ ਸੂਬਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ 17 ਜੁਲਾਈ ਨੂੰ ਜੀਂਦ ਵਿੱਚ ਹੋਣ ਵਾਲੇ ਪ੍ਰਧਾਨ ਮੰਤਰੀ ਦੇ ਵਿਸ਼ਾਲ ਜਨ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ।

ਇਹ ਸਮਾਗਮ ਹਰਿਆਣਾ ਦੇ ਵਿਕਾਸ ਲਈ ਮੀਲ ਦਾ ਪੱਥਰ ਸਾਬਤ ਹੋਵੇਗਾ ਅਤੇ ਇਸ ਵਿੱਚ ਲੋਕਾਂ ਦੀ ਵੱਡੀ ਭਾਗੀਦਾਰੀ ਪ੍ਰਦੇਸ਼ ਦੀ ਤਰੱਕੀ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਨੂੰ ਦਰਸਾਏਗੀ।

## ਪ੍ਰਧਾਨ ਮੰਤਰੀ ਮੋਦੀ ਅੱਜ ਹਰਿਆਣਾ, ਚੰਡੀਗੜ੍ਹ ਤੇ ਪੰਜਾਬ ਦੇ ਦੌਰੇ 'ਤੇ; ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਨੂੰ ਦਿਖਾਉਣਗੇ ਹਰੀ ਝੰਡੀ

**ਚੰਡੀਗੜ੍ਹ 16 ਜੁਲਾਈ**
**-ਛਤਰਪਾਲ ਸਿੰਘ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜ ਹਰਿਆਣਾ, ਚੰਡੀਗੜ੍ਹ ਅਤੇ ਪੰਜਾਬ ਦੇ ਇੱਕ ਰੋਜ਼ਾ ਅਹਿਮ ਦੌਰੇ 'ਤੇ ਆ ਰਹੇ ਹਨ। ਇਸ ਦੌਰਾਨ ਉਹ ਤਿੰਨਾਂ ਖੇਤਰਾਂ ਵਿੱਚ ਕੁੱਲ 26,800 ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਣਗੇ। ਪ੍ਰਧਾਨ ਮੰਤਰੀ ਮੋਦੀ ਦੇ ਇਸ ਦੌਰੇ ਨਾਲ ਖੇਤਰ ਵਿੱਚ ਸਿਹਤ, ਸਿੱਖਿਆ, ਰੇਲਵੇ ਅਤੇ ਸੜਕੀ ਬੁਨਿਆਦੀ ਢਾਂਚੇ ਨੂੰ ਇੱਕ ਵੱਡਾ ਹੁਲਾਰਾ ਮਿਲਣ ਦੀ ਉਮੀਦ ਹੈ, ਜਿਸ ਨਾਲ ਆਮ ਲੋਕਾਂ ਦੇ ਨਾਲ-ਨਾਲ ਵਪਾਰਕ ਵਰਗ ਨੂੰ ਵੀ ਵੱਡੀ ਸਹੂਲਤ ਮਿਲੇਗੀ।

**ਜੀਂਦ ਤੋਂ ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਦੀ ਸ਼ੁਰੂਆਤ**

ਪ੍ਰਧਾਨ ਮੰਤਰੀ ਆਪਣੇ ਦੌਰੇ ਦੀ ਸ਼ੁਰੂਆਤ ਸਵੇਰੇ 11 ਵਜੇ ਹਰਿਆਣਾ ਦੇ ਜੀਂਦ ਰੇਲਵੇ ਸਟੇਸ਼ਨ ਤੋਂ ਕਰਨਗੇ, ਜਿੱਥੇ ਉਹ ਜੀਂਦ ਅਤੇ ਸੋਨੀਪਤ ਵਿਚਕਾਰ ਚੱਲਣ ਵਾਲੀ ਦੇਸ਼ ਦੀ ਪਹਿਲੀ 'ਹਾਈਡ੍ਰੋਜਨ ਟ੍ਰੇਨ' ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨਗੇ। ਪੂਰੀ ਤਰ੍ਹਾਂ ਭਾਰਤ ਵਿੱਚ ਡਿਜ਼ਾਈਨ ਅਤੇ ਤਿਆਰ ਕੀਤੀ ਗਈ 10 ਕੋਚਾਂ ਵਾਲੀ ਇਹ ਟ੍ਰੇਨ ਦੁਨੀਆ ਦੀਆਂ ਸਭ ਤੋਂ ਲੰਬੀਆਂ ਅਤੇ ਸ਼ਕਤੀਸ਼ਾਲੀ ਹਾਈਡ੍ਰੋਜਨ ਟ੍ਰੇਨਾਂ ਵਿੱਚੋਂ ਇੱਕ ਹੈ। ਹਾਈਡ੍ਰੋਜਨ ਫਿਊਲ ਸੈੱਲ ਤਕਨੀਕ 'ਤੇ ਆਧਾਰਿਤ ਹੋਣ ਕਾਰਨ ਇਹ ਟ੍ਰੇਨ ਬਿਲਕੁਲ ਜ਼ੀਰੋ ਕਾਰਬਨ ਉਤਸਰਜਨ ਕਰੇਗੀ ਅਤੇ ਇਸ ਵਿੱਚੋਂ ਸਿਰਫ਼ ਪਾਣੀ ਦੀ ਭਾਫ਼ (ਵਾਟਰ ਵੇਪਰ) ਹੀ ਬਾਹਰ ਨਿਕਲੇਗੀ, ਜੋ ਕਿ ਵਾਤਾਵਰਣ ਪੱਖੋਂ ਇੱਕ ਇਤਿਹਾਸਕ ਕਦਮ ਹੈ। ਇਸ ਤੋਂ ਬਾਅਦ, ਉਹ ਏਕਲਵਿਆ ਸਟੇਡੀਅਮ ਵਿੱਚ ?14,700 ਕਰੋੜ ਦੇ ਪ੍ਰੋਜੈਕਟ ਰਾਸ਼ਟਰ ਨੂੰ ਸਮਰਪਿਤ ਕਰਨਗੇ ਅਤੇ ਜਨਸਭਾ ਨੂੰ ਸੰਬੋਧਨ ਕਰਨਗੇ।

ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸਵੇਅ ਸਣੇ ਕਈ ਹਾਈਵੇਅ ਦਾ ਤੋਹਫ਼ਾ

ਹਰਿਆਣਾ ਦੌਰੇ ਦੌਰਾਨ ਪ੍ਰਧਾਨ ਮੰਤਰੀਮੋਦੀ 9,680 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ 157.92 ਕਿਲੋਮੀਟਰ ਲੰਬੇ ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸਵੇਅ (ਪੈਕੇਜ 1 ਤੋਂ 5) ਦਾ ਉਦਘਾਟਨ ਕਰਨਗੇ। ਇਸ ਗ੍ਰੀਨਫੀਲਡ ਕੋਰੀਡੋਰ ਦੇ ਚਾਲੂ ਹੋਣ ਨਾਲ ਦਿੱਲੀ ਤੋਂ ਕਟੜਾ ਦਾ ਸਫ਼ਰ 14 ਘੰਟਿਆਂ ਤੋਂ ਘਟ ਕੇ 6 ਘੰਟੇ ਅਤੇ ਦਿੱਲੀ ਤੋਂ ਅੰਮ੍ਰਿਤਸਰ ਦਾ ਸਫ਼ਰ 8 ਘੰਟਿਆਂ ਤੋਂ ਘਟ ਕੇ ਸਿਰਫ਼ 4 ਘੰਟੇ ਰਹਿ ਜਾਵੇਗਾ। ਇਸ ਤੋਂ ਇਲਾਵਾ, ਅੰਬਾਲਾ-ਕਾਲਾ ਅੰਬ ਹਾਈਵੇਅ, ਜੀਂਦ-ਗੋਹਾਨਾ ਗ੍ਰੀਨਫੀਲਡ ਹਾਈਵੇਅ, ਕੁਰੂਕਸ਼ੇਤਰ ਵਿੱਚ ਐਲੀਵੇਟਿਡ ਰੇਲਵੇ ਟ੍ਰੈਕ, ਭਿਵਾਨੀ ਤੇ ਨਾਰਨੌਲ ਦੇ ਮੈਡੀਕਲ ਕਾਲਜ ਅਤੇ ਕੁਰੂਕਸ਼ੇਤਰ ਵਿੱਚ ਇੱਕ ਆਧੁਨਿਕ ਸਿੱਖ ਮਿਊਜ਼ੀਅਮ ਦਾ ਨੀਂਹ ਪੱਥਰ ਵੀ ਰੱਖਿਆ ਜਾਵੇਗਾ।

ਦੁਪਹਿਰ ਕਰੀਬ 1:45 ਵਜੇ ਪ੍ਰਧਾਨ ਮੰਤਰੀ ਚੰਡੀਗੜ੍ਹ ਪਹੁੰਚਣਗੇ, ਜਿੱਥੇ ਉਹ 6,600 ਕਰੋੜ ਰੁਪਏ ਤੋਂ ਵੱਧ ਦੇ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਨਗੇ। ਉਹ ਪੀਜੀਆਈਐਮਈਆਰ ਵਿਖੇ 300 ਬੈੱਡਾਂ ਵਾਲੇ 'ਐਡਵਾਂਸਡ ਮਦਰ ਐਂਡ ਚਾਈਲਡ ਸੈਂਟਰ' ਅਤੇ ਗੁੰਝਲਦਾਰ ਦਿਮਾਗੀ ਬਿਮਾਰੀਆਂ ਦੇ ਇਲਾਜ ਲਈ 'ਐਡਵਾਂਸਡ ਨਿਊਰੋਸਾਇੰਸ ਸੈਂਟਰ' ਦਾ ਉਦਘਾਟਨ ਕਰਨਗੇ। ਇਸ ਦੇ ਨਾਲ ਹੀ 150 ਬੈੱਡਾਂ ਵਾਲੇ ਕ੍ਰਿਟੀਕਲ ਕੇਅਰ ਬਲਾਕ ਦਾ ਨੀਂਹ ਪੱਥਰ ਵੀ ਰੱਖਿਆ ਜਾਵੇਗਾ। ਸਿੱਖਿਆ ਅਤੇ ਸੜਕੀ ਨੈੱਟਵਰਕ ਦੇ ਖੇਤਰ ਵਿੱਚ, ਪੰਜਾਬ ਇੰਜੀਨੀਅਰਿੰਗ ਕਾਲਜ (♦53) ਵਿਖੇ ਨਵੇਂ ਹੋਸਟਲ, ਮੋਹਾਲੀ ਆਈਟੀ ਸਿਟੀ ਤੋਂ ਕੁਰਾਲੀ ਤੱਕ 6-ਲੇਨ ਗ੍ਰੀਨਫੀਲਡ ਹਾਈਵੇਅ ਦਾ ਉਦਘਾਟਨ ਅਤੇ ਜ਼ੀਰਕਪੁਰ ਗ੍ਰੀਨਫੀਲਡ ਬਾਈਪਾਸ ਦਾ ਨੀਂਹ ਪੱਥਰ ਵੀ ਇਸ ਦੌਰੇ ਦਾ ਮੁੱਖ ਹਿੱਸਾ ਹਨ।



**ਜਲੰਧਰ ਕੈਂਟ ਸਣੇ 75 ਅੰਮ੍ਰਿਤ ਭਾਰਤ ਸਟੇਸ਼ਨਾਂ ਦਾ ਹੋਵੇਗਾ ਉਦਘਾਟਨ**

ਆਪਣੇ ਦੌਰੇ ਦੇ ਆਖਰੀ ਪੜਾਅ ਵਿੱਚ ਪ੍ਰਧਾਨ ਮੰਤਰੀ ਜਲੰਧਰ ਪਹੁੰਚਣਗੇ। ਇੱਥੇ ਉਹ 5,470 ਕਰੋੜ ਰੁਪਏ ਦੇ ਰੇਲ ਅਤੇ ਸੜਕੀ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ, ਜਿਸ ਵਿੱਚ 'ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ' ਤਹਿਤ ਦੇਸ਼ ਭਰ ਦੇ 75 ਪੁਨਰ-ਵਿਕਸਿਤ ਰੇਲਵੇ ਸਟੇਸ਼ਨਾਂ (ਜਿਸ ਵਿੱਚ ਜਲੰਧਰ ਕੈਂਟ ਵੀ ਸ਼ਾਮਲ ਹੈ) ਨੂੰ ਦੇਸ਼ ਨੂੰ ਸਮਰਪਿਤ ਕਰਨਾ ਸ਼ਾਮਲ ਹੈ। ਇਸ ਤੋਂ ਇਲਾਵਾ, ਪੰਜਾਬ ਅਤੇ ਹਿਮਾਚਲ ਨੂੰ ਜੋੜਨ ਵਾਲੀ ਦੌਲਤਪੁਰ ਚੌਕ-ਕਰਤੋਲੀ ਨਵੀਂ ਰੇਲ ਲਾਈਨ ਦਾ ਉਦਘਾਟਨ ਕੀਤਾ ਜਾਵੇਗਾ ਅਤੇ ਦੋ ਨਵੀਆਂ ਰੇਲਾਂ (ਕਰਤੋਲੀ-ਅੰਬਾਲਾ ਅਤੇ ਅੰਮ੍ਰਿਤਸਰ-ਵਾਰਾਨਸੀ) ਨੂੰ ਹਰੀ ਝੰਡੀ ਦਿਖਾਈ ਜਾਵੇਗੀ। ਪੰਜਾਬ ਵਿੱਚ ਸੜਕੀ ਨੈੱਟਵਰਕ ਨੂੰ ਮਜ਼ਬੂਤ ਕਰਦਿਆਂ ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸਵੇਅ ਦੇ ਪੈਕੇਜ-6 (30.9 ਕਿਲੋਮੀਟਰ) ਦਾ ਉਦਘਾਟਨ ਅਤੇ 25.2 ਕਿਲੋਮੀਟਰ ਲੰਬੇ ਦੱਖਣੀ ਲੁਧਿਆਣਾ ਬਾਈਪਾਸ ਦਾ ਨੀਂਹ ਪੱਥਰ ਵੀ ਰੱਖਿਆ ਜਾਵੇਗਾ।

26,800 ਕਰੋੜ ਰੁਪਏ ਦੇ ਪ੍ਰੋਜੈਕਟ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇਸ ਦੌਰੇ ਦੌਰਾਨ ਕੁੱਲ ਮਿਲਾ ਕੇ ਲਗਭਗ 26,800 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਨਗੇ। ਜੀਂਦ ਵਿੱਚ ਵੱਡਾ ਨਿਵੇਸ਼: ਉਹ ਹਰਿਆਣਾ ਦੇ ਜੀਂਦ ਵਿੱਚ ਲਗਭਗ 14,700 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਣਗੇ ਅਤੇ ਉਨ੍ਹਾਂ ਨੂੰ ਦੇਸ਼ ਨੂੰ ਸਮਰਪਿਤ ਕਰਨਗੇ। ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ: ਮੋਦੀ ਜੀਂਦ ਅਤੇ ਸੋਨੀਪਤ ਵਿਚਕਾਰ ਚੱਲਣ ਵਾਲੀ ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨਗੇ। ਦੁਨੀਆ ਦੀ ਸਭ ਤੋਂ ਸ਼ਕਤੀਸ਼ਾਲੀ ਟ੍ਰੇਨ: ਹਾਈਡ੍ਰੋਜਨ ਫਿਊਲ ਸੈੱਲ ਨਾਲ ਚੱਲਣ ਵਾਲੀ ਇਹ ਟ੍ਰੇਨ ਦੁਨੀਆ ਦੀਆਂ ਸਭ ਤੋਂ ਲੰਬੀਆਂ ਅਤੇ ਸਭ ਤੋਂ ਸ਼ਕਤੀਸ਼ਾਲੀ ਹਾਈਡ੍ਰੋਜਨ ਟ੍ਰੇਨਾਂ ਵਿੱਚੋਂ ਇੱਕ ਹੈ। ਜ਼ੀਰੋ ਕਾਰਬਨ ਉਤਸਰਜਨ: ਇਹ ਟ੍ਰੇਨ ਵਾਤਾਵਰਣ ਦੇ ਪੱਖੋਂ ਪੂਰੀ ਤਰ੍ਹਾਂ ਅਨੁਕੂਲ ਹੈ, ਜੋ ਜ਼ੀਰੋ ਕਾਰਬਨ ਉਤਸਰਜਨ ਕਰੇਗੀ ਅਤੇ ਇਸ ਵਿੱਚੋਂ ਉਪ-ਉਤਪਾਦ ਵਜੋਂ ਸਿਰਫ਼ ਪਾਣੀ ਦੀ ਭਾਫ਼ ਨਿਕਲੇਗੀ।ਕੁਰੂਕਸ਼ੇਤਰ ਵਿੱਚ ਸਿੱਖ ਮਿਊਜ਼ੀਅਮ: ਉਹ ਕੁਰੂਕਸ਼ੇਤਰ ਵਿੱਚ ਸਿੱਖ ਗੁਰੂਆਂ ਦੀ ਵਿਰਾਸਤ ਅਤੇ ਸਿੱਖ ਪਰੰਪਰਾ ਨੂੰ ਸਮਰਪਿਤ ਇੱਕ ਆਧੁਨਿਕ ਸਿੱਖ ਅਜਾਇਬ ਘਰ (ਮਿਊਜ਼ੀਅਮ) ਦਾ ਨੀਂਹ ਪੱਥਰ ਰੱਖਣਗੇ। ਚੰਡੀਗੜ੍ਹ ਲਈ 6,600 ਕਰੋੜ ਰੁਪਏ ਦੇ ਤੋਹਫ਼ੇ: ਚੰਡੀਗੜ੍ਹ ਵਿੱਚ ਸਿਹਤ ਸੇਵਾਵਾਂ, ਸਿੱਖਿਆ ਅਤੇ ਸੜਕੀ ਬੁਨਿਆਦੀ ਢਾਂਚੇ ਨਾਲ ਸਬੰਧਤ ?6,600 ਕਰੋੜ ਤੋਂ ਵੱਧ ਦੇ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ ਜਾਵੇਗਾ।

♦79 ਚੰਡੀਗੜ੍ਹ ਵਿੱਚ ਨਵੇਂ ਸੈਂਟਰ: ਪ੍ਰਧਾਨ ਮੰਤਰੀ ਪੀਜੀਆਈਐਮਈਆਰ ਚੰਡੀਗੜ੍ਹ ਵਿਖੇ ਸੁਪਰ-ਸਪੈਸ਼ਲਿਟੀ ਸੁਵਿਧਾਵਾਂ ਵਾਲੇ 'ਐਡਵਾਂਸਡ ਮਦਰ ਐਂਡ ਚਾਈਲਡ ਸੈਂਟਰ' ਅਤੇ 'ਐਡਵਾਂਸਡ ਨਿਊਰੋਸਾਇੰਸ ਸੈਂਟਰ' ਦਾ ਉਦਘਾਟਨ ਕਰਨਗੇ। ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸਵੇਅ: ਉਹ ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸਵੇਅ ਦੇ ਪੈਕੇਜ 1 ਤੋਂ 6 ਨੂੰ ਦੇਸ਼ ਨੂੰ ਸਮਰਪਿਤ ਕਰਨਗੇ, ਜਿਸ ਨਾਲ ਸਫ਼ਰ ਦਾ ਸਮਾਂ ਕਾਫ਼ੀ ਘਟ ਜਾਵੇਗਾ। ਜਲੰਧਰ ਵਿੱਚ ਵਿਕਾਸ ਕਾਰਜ: ਪੰਜਾਬ ਦੇ ਜਲੰਧਰ ਵਿੱਚ 5,470 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਰੇਲ ਅਤੇ ਸੜਕੀ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਸ਼ਿਲਾਨਿਆਸ ਕੀਤਾ ਜਾਵੇਗਾ। 75 ਅੰਮ੍ਰਿਤ ਭਾਰਤ ਸਟੇਸ਼ਨ: ਦੇਸ਼ ਦੇ 20 ਸੂਬਿਆਂ ਵਿੱਚ ਫੈਲੇ 75 ਪੁਨਰ-ਵਿਕਸਿਤ (ਰੀ-ਡਿਵੈਲਪਡ) 'ਅੰਮ੍ਰਿਤ ਭਾਰਤ ਰੇਲਵੇ ਸਟੇਸ਼ਨਾਂ' ਦਾ ਉਦਘਾਟਨ ਵੀ ਇਸੇ ਦੌਰੇ ਦੌਰਾਨ ਕੀਤਾ ਜਾਵੇਗਾ।





